ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/19489582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 12 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੭ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਟਰੰਪ ਵਿਰੋਧੀ ਪੋਸਟ ਪਾਉਣ ਵਾਲੇ ਨੇ ਪਤਨੀ, ਸਾਬਕਾ ਸਾਥੀ ਤੇ 2 ਮੁੰਡਿਆਂ ਦੇ ਕਤਲ ਮਗਰੋਂ ਕੀਤੀ ਖ਼ੁਦਕੁਸ਼ੀ

**ਨਿਊਯਾਰਕ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮਰੀਕਾ ਦੇ ਮਿਨੇਸੋਟਾ 'ਚ ਅਪਰਾਧ ਦਾ ਇਕ ਖੌਫਨਾਕ ਮਾਮਲਾ ਸਾਹਮਣੇ ਆਇਆ ਹੈ। 7 ਨਵੰਬਰ, 2023 ਨੂੰ ਮਿਨੇਸੋਟਾ ਦੇ ਇੱਕ ਘਰ ਵਿੱਚ ਚਾਰ ਲਾਸ਼ਾਂ ਮਿਲਣ ਤੋਂ ਬਾਅਦ ਹੰਗਾਮਾ ਹੋ ਗਿਆ ਸੀ। ਇਸ ਘਟਨਾ 'ਚ 46 ਸਾਲਾ ਐਂਥਨੀ ਨੈਫਿਊ ਨੇ ਆਪਣੀ ਸਾਬਕਾ ਸਾਥੀ, ਪਤਨੀ ਅਤੇ ਦੋ ਬੱਚਿਆਂ ਨੂੰ ਗੋਲੀ ਮਾਰ ਕੇ ਮਾਰ ਦਿੱਤਾ ਅਤੇ ਫਿਰ ਖੁਦ ਨੂੰ ਗੋਲੀ ਮਾਰ ਕੇ ਖ਼ੁਦਕੁਸ਼ੀ ਕਰ ਲਈ। ਪੁਲਸ ਦੇ ਅਨੁਸਾਰ, ਘਟਨਾ ਉਦੋਂ ਸ਼ੁਰੂ ਹੋਈ ਜਦੋਂ ਐਂਥਨੀ ਨੇ ਆਪਣੀ ਸਾਬਕਾ ਸਾਥੀ ਏਰਿਨ ਅਬਰਾਮਸਨ ਅਤੇ ਉਨ੍ਹਾਂ ਦੇ ਬੇਟੇ ਜੈਕਬ ਦੀਆਂ ਲਾਸ਼ਾਂ ਲੱਭੀਆਂ। ਇਸ ਤੋਂ ਇਲਾਵਾ, ਉਸਦੀ ਪਤਨੀ ਕੈਥਰੀਨ ਅਤੇ ਉਨ੍ਹਾਂ ਦੇ ਬੇਟੇ ਓਲੀਵਰ ਦੀਆਂ ਲਾਸ਼ਾਂ ਵੀ ਗੁਆਂਢ ਦੇ ਅਪਾਰਟਮੈਂਟ ਵਿੱਚ ਮਿਲੀਆਂ ਹਨ। ਪੁਲਸ ਨੇ ਐਂਥਨੀ ਦੀ ਆਤਮਹੱਤਿਆ ਦੀ ਜਾਣਕਾਰੀ ਵੀ ਕੀਤੀ, ਜਦੋਂ ਉਸ ਦੀ ਲਾਸ਼ ਘਰ ਵਿਚ ਮਿਲੀ, ਜਿਸ ਨੇ ਖੁਦ ਨੂੰ ਗੋਲੀ ਮਾਰ ਲਈ ਸੀ। ਪੁਲਸ ਚੀਫ ਮਾਈਕ ਸੇਨੋਵਾ ਨੇ ਦੱਸਿਆ ਕਿ ਐਂਥਨੀ ਦੀ ਮਾਨਸਿਕ ਹਾਲਤ ਚਿੰਤਾਜਨਕ ਸੀ। ਸੋਸ਼ਲ ਮੀਡੀਆ 'ਤੇ ਉਹ ਲਗਾਤਾਰ ਟਰੰਪ ਦੇ ਖਿਲਾਫ ਅਤੇ ਖੱਬੇਪੱਖੀ ਵਿਚਾਰਧਾਰਾ ਦੇ ਸਮਰਥਨ 'ਚ ਪੋਸਟ ਕਰਦੇ ਰਹੇ ਸਨ। ਉਸਨੇ ਹਾਲ ਹੀ ਵਿੱਚ ਇੱਕ ਪੋਸਟ ਵਿੱਚ ਕਿਹਾ, "ਮੇਰੀ ਮਾਨਸਿਕ ਸਿਹਤ ਅਤੇ ਸੰਸਾਰ ਵਿੱਚ ਸ਼ਾਂਤੀ ਇਕੱਠੇ ਨਹੀਂ ਰਹਿ ਸਕਦੇ। ਇਸਦਾ ਕਾਰਨ ਧਾਰਮਿਕ ਕੱਟੜਤਾ ਹੈ। ਜੋ ਉਨ੍ਹਾਂ ਦੇ ਪਰਿਵਾਰ 'ਤੇ ਥੋਪੇ ਜਾਣ ਦਾ ਉਨ੍ਹਾਂ ਨੇ ਜ਼ਿਕਰ ਕੀਤਾ।

## ਪੰਜਾਬ 'ਚ ਕੇਂਦਰੀ ਮੰਤਰੀ ਰਵਨੀਤ ਬਿੱਟੂ ਖਿਲਾਫ਼ ਰੋਸ ਪ੍ਰਦਰਸ਼ਨ

# ਤਾਲਿਬਾਨੀ ਕਹੇ ਜਾਣ 'ਤੇ ਵਧਿਆ ਵਿਵਾਦ, ਕਿਸਾਨਾਂ ਨੇ ਫੂਕਿਆ ਪੁਤਲਾ

**ਅੰਮ੍ਰਿਤਸਰ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਅੰਮ੍ਰਿਤਸਰ ਵਿੱਚ ਕਿਸਾਨ ਆਗੂਆਂ ਦੀ ਤਾਲਿਬਾਨ ਨਾਲ ਤੁਲਨਾ ਕੀਤੇ ਜਾਣ ਤੋਂ ਬਾਅਦ ਪੰਜਾਬ ਦੇ ਕਿਸਾਨ ਜਥੇਬੰਦੀਆਂ ਗੁੱਸੇ ਵਿੱਚ ਹਨ। ਕਿਸਾਨਾਂ ਵੱਲੋਂ ਅੱਜ ਰਵਨੀਤ ਬਿੱਟੂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕੇ ਗਏ।



ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਤੇ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਠੱਠਾ ਨੇ ਕਿਹਾ ਕਿ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਬਿਆਨ ਦਿੱਤਾ ਹੈ ਕਿ ਕਿਸਾਨਾਂ ਤਾਲਿਬਾਨ ਵਰਗਾ ਵਿਵਹਾਰ ਕਰ ਰਹੇ ਹਨ। ਆਗੂਆਂ ਕੋਲ ਕਈ ਜ਼ਮੀਨਾਂ ਤੇ ਜਾਇਦਾਦਾਂ ਹਨ ਤੇ ਕਰੋੜਾਂ ਦੇ ਕਾਰੋਬਾਰ ਹਨ ਤੇ ਅਸੀਂ ਕੇਂਦਰ ਸਰਕਾਰ ਵੱਲੋਂ ਜ਼ਿਮਨੀ ਚੋਣਾਂ ਤੋਂ ਬਾਅਦ ਕਿਸਾਨ ਆਗੂਆਂ ਦੀਆਂ ਜਾਇਦਾਦਾਂ ਦੀ ਜਾਂਚ ਕਰਵਾਈ ਜਾਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ ਅਸੀਂ ਬਿੱਟੂ ਦੇ ਬਿਆਨ ਦੀ ਨਿਖੇਧੀ ਕਰਦੇ ਹਾਂ, ਪਰ ਜਾਂਚ ਦਾ ਸਵਾਗਤ ਕਰਦੇ ਹਾਂ। ਇਸ ਜਾਂਚ ਦੇ ਘੇਰੇ ਵਿੱਚ ਸੰਸਦ ਮੈਂਬਰਾਂ, ਵਿਧਾਇਕਾਂ, ਸੇਵਾਮੁਕਤ ਤੇ ਮੌਜੂਦਾ ਨੌਕਰਸ਼ਾਹਾਂ ਅਤੇ ਕੇਂਦਰ ਅਤੇ ਰਾਜ ਸਰਕਾਰਾਂ ਵਿੱਚ ਬੈਠੇ 110 ਘਰੇਲੂ ਕਾਰਪੋਰੇਟ ਘਰਾਣਿਆਂ ਸਮੇਤ ਮਾਫੀਆ ਗਰੁੱਪਾਂ ਨੂੰ ਵੀ ਇਸ ਜਾਂਚ ਦੇ ਘੇਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ। ਸੁਪਰੀਮ ਕੋਰਟ ਦੇ ਜੱਜਾਂ ਵੱਲੋਂ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਵਾਧੂ ਵਸੀਲਿਆਂ ਤੋਂ ਪੈਦਾ ਹੋਈ ਦੌਲਤ ਨੂੰ ਜ਼ਬਤ ਕਰਕੇ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ 20 ਕਰੋੜ ਲੋਕਾਂ ਅਤੇ ਬੇਜ਼ਮੀਨੇ ਲੋਕਾਂ ਵਿੱਚ ਵੰਡਿਆ ਜਾਵੇ। ਕਿਉਂਕਿ ਕੁਦਰਤੀ ਸੋਮਿਆਂ 'ਤੇ ਸਾਰਿਆਂ ਦਾ ਬਰਾਬਰ ਦਾ ਹੱਕ ਹੈ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਜਥੇਬੰਦੀ ਵੱਲੋਂ ਦਿੱਤੇ ਜਾ ਰਹੇ ਕਿਸਾਨ ਵਿਰੋਧੀ ਬਿਆਨਾਂ ਖ਼ਿਲਾਫ਼ ਅੱਜ ਸੈਂਕੜੇ ਥਾਵਾਂ 'ਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਕੇਂਦਰ ਸਰਕਾਰ ਦੇ ਪੁਤਲੇ ਫੂਕੇ ਰੋਸ ਮੁਜ਼ਾਹਰੇ ਕੀਤੇ ਗਏ ਅਤੇ ਭਵਿੱਖ ਵਿੱਚ ਵੀ ਧਰਨੇ ਦਿੱਤੇ ਜਾਣਗੇ। ਆਗੂਆਂ ਨੇ ਅੱਗੇ ਕਿਹਾ ਕਿ ਕੇਂਦਰੀ ਰਾਜ ਮੰਤਰੀ ਅਤੇ ਮੋਦੀ ਸਰਕਾਰ ਵਿਰੁੱਧ ਸੰਘਰਸ਼ ਦਾ ਅਗਲਾ ਪੜਾਅ ਵੀ ਪੰਜਾਬ ਅਤੇ ਦੇਸ਼ ਭਰ ਦੀਆਂ ਕਿਸਾਨ ਜਥੇਬੰਦੀਆਂ ਨਾਲ ਸਲਾਹ ਕਰਕੇ ਤੈਅ ਕੀਤਾ ਜਾਵੇਗਾ।

## ਨੀਟੂ ਸ਼ਟਰਾਂਵਾਲਾ ਮੁੱਖ ਮੰਤਰੀ ਬਣ ਸਕਦਾ ਪਰ ਰਵਨੀਤ ਬਿੱਟੂ ਕਦੇ ਨਹੀਂ, ਚੰਨੀ ਨੇ ਸਾਧਿਆ ਨਿਸ਼ਾਨਾ

**ਬਰਨਾਲਾ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬਰਨਾਲਾ 'ਚ ਜ਼ਿਮਨੀ ਚੋਣ ਲਈ ਪ੍ਰਚਾਰ ਕਰਨ ਪਹੁੰਚੇ ਸਾਬਕਾ ਸੀਐੱਮ ਅਤੇ ਜਲੰਧਰ ਲੋਕ ਸਭਾ ਸੀਟ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਬਿੱਟੂ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਤੁਲਨਾ ਕਾਮੇਡੀਅਨ ਤੇ ਆਜ਼ਾਦ ਚੋਣ ਲੜਨ ਵਾਲੇ ਨੀਟੂ ਸ਼ਟਰਾਂਵਾਲੇ ਨਾਲ ਕੀਤੀ। ਉਨ੍ਹਾਂ ਨੇ ਇਹ ਬਿਆਨ ਉਦੋਂ ਦਿੱਤਾ ਜਦੋਂ ਇੱਕ ਪੱਤਰਕਾਰ ਨੇ ਚੰਨੀ ਨੂੰ ਬਿੱਟੂ ਦੇ ਕਿਸਾਨਾਂ 'ਤੇ ਦਿੱਤੇ ਬਿਆਨ 'ਤੇ ਸਵਾਲ ਪੁੱਛਿਆ। ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਤੋਂ ਮੋਹ ਭੰਗ ਹੋ ਚੁੱਕਾ ਹੈ। ਲੋਕ ਆਮ ਆਦਮੀ ਪਾਰਟੀ ਤੋਂ ਤੰਗ ਆ ਚੁੱਕੇ ਹਨ। ਕਾਂਗਰਸ ਸਰਕਾਰ ਵੇਲੇ ਲੋਕਾਂ ਨੂੰ ਇਨਸਾਫ਼ ਮਿਲਦਾ ਸੀ ਪਰ ਅੱਜ ਸ਼ਹਿਰਾਂ ਵਿੱਚ ਲੋਕਾਂ ਅਤੇ ਕਾਰੋਬਾਰੀਆਂ ਨੂੰ ਗੈਂਗਸਟਰਾਂ ਵੱਲੋਂ ਧਮਕੀਆਂ ਮਿਲ ਰਹੀਆਂ ਹਨ। ਪੰਜਾਬ ਦੇ ਵਪਾਰੀਆਂ ਤੋਂ ਪੈਸੇ ਦੀ ਮੰਗ ਕੀਤੀ ਜਾ ਰਹੀ ਹੈ। ਪਰ ਪੁਲਿਸ ਕਿਸੇ ਦੀ ਨਹੀਂ ਸੁਣ ਰਹੀ। ਚੰਨੀ ਨੇ ਅੱਗੇ ਕਿਹਾ- ਸੂਬੇ ਵਿੱਚ ਨਸ਼ਿਆਂ ਦੀ ਬਹੁਤਾਤ ਹੈ। ਸੂਬੇ ਦੇ ਹਰ ਗਲੀ ਗਲੀ ਵਿੱਚ ਨਸ਼ਾ ਵਿਕ ਰਿਹਾ ਹੈ ਪਰ ਸਰਕਾਰ ਇਸ ਵੱਲ ਧਿਆਨ ਨਹੀਂ ਦੇ ਰਹੀ। ਲੋਕ ਅੱਜ ਸਰਕਾਰ ਤੋਂ ਨਿਰਾਸ਼ ਹਨ। ਬਿੱਟੂ ਦੇ ਸਵਾਲ 'ਤੇ ਚੰਨੀ ਨੇ ਕਿਹਾ ਕਿ ਭਾਜਪਾ ਨੇਤਾ ਤੇ ਕੇਂਦਰੀ ਮੰਤਰੀ ਬਿੱਟੂ ਕਿਸੇ ਵੀ ਚੈਨਲ 'ਤੇ ਕਿਸੇ ਵੀ ਸਮੇਂ ਕੁਝ ਵੀ ਕਹਿ ਸਕਦੇ ਹਨ। ਮੈਨੂੰ ਪਤਾ ਲੱਗਾ ਕਿ ਕੱਲ੍ਹ ਬਿੱਟੂ ਨੇ ਮੁੱਖ ਮੰਤਰੀ ਬਣਨ ਦਾ ਬਿਆਨ ਦਿੱਤਾ ਸੀ। ਨੀਟੂ ਸ਼ਟਰਾਂਵਾਲਾ ਮੁੱਖ ਮੰਤਰੀ ਬਣ ਸਕਦਾ ਹੈ, ਬਿੱਟੂ ਨਹੀਂ। ਲੋਕਾਂ ਨੇ ਬਿੱਟੂ ਨੂੰ ਹਰਾ ਕੇ ਭਜਾ ਦਿੱਤਾ ਸੀ।



## ਗੁਰਪਤਵੰਤ ਪੰਨੂ ਨੇ ਰਾਮ ਮੰਦਰ ਨੂੰ ਉਡਾਉਣ ਦੀ ਦਿੱਤੀ ਧਮਕੀ, ਕਿਹਾ- ਅਯੁੱਧਿਆ 'ਚ ਹੋਵੇਗੀ ਹਿੰਸਾ, ਹਿੰਦੂਤਵ ਵਿਚਾਰਧਾਰਾ ਦੀ ਹਿਲਾ ਦਿਆਂਗੇ ਨੀਂਹ



**ਨਵੀਂ ਦਿੱਲੀ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਹਮਾਇਤੀ ਤੇ ਸਿੱਖ ਫਾਰ ਜਸਟਿਸ (SFJ) ਦੇ ਸੰਸਥਾਪਕ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਇੱਕ ਨਵੀਂ ਵੀਡੀਓ ਜਾਰੀ ਕਰਕੇ ਅਯੁੱਧਿਆ ਵਿੱਚ ਰਾਮ ਮੰਦਰ ਨੂੰ ਉਡਾਉਣ ਦੀ ਧਮਕੀ ਦਿੱਤੀ ਹੈ। ਮੀਡੀਆ ਰਿਪੋਰਟਾਂ 'ਚ ਇਹ ਦਾਅਵਾ ਕੀਤਾ ਗਿਆ ਹੈ। ਵੀਡੀਓ ਵਿੱਚ ਉਹ ਰਾਮ ਮੰਦਰ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਰ ਰਿਹਾ ਹੈ। ਕੈਨੇਡਾ ਵਿੱਚ ਭਾਰਤੀ ਮੂਲ ਦੇ ਹਿੰਦੂ ਸੰਸਦ ਮੈਂਬਰ ਚੰਦਰ ਆਰੀਆ ਨੂੰ ਵੀ ਧਮਕੀ ਦਿੱਤੀ ਗਈ ਹੈ। ਭਾਈ ਪੰਨੂ ਨੇ ਇੱਕ ਵੀਡੀਓ ਜਾਰੀ ਕਰਕੇ ਕਿਹਾ ਹੈ ਕਿ 16 ਅਤੇ 17 ਨਵੰਬਰ ਨੂੰ ਅਯੁੱਧਿਆ ਦੇ ਰਾਮ ਮੰਦਰ ਵਿੱਚ ਹਿੰਸਾ ਹੋਵੇਗੀ। ਭਾਈ ਪੰਨੂ ਨੇ ਵੀਡੀਓ ਵਿੱਚ ਇਹ ਵੀ ਕਿਹਾ ਹੈ ਕਿ ਅਸੀਂ ਹਿੰਦੂਤਵ ਵਿਚਾਰਧਾਰਾ ਦੀ ਜਨਮ ਭੂਮੀ ਅਯੁੱਧਿਆ ਦੀ ਨੀਂਹ ਹਿਲਾ ਦੇਵਾਂਗੇ। ਵੀਡੀਓ ਵਿੱਚ ਭਾਈ ਪੰਨੂ ਨੇ ਅਯੁੱਧਿਆ ਵਿੱਚ ਰਾਮ ਮੰਦਰ ਸਮੇਤ ਦੇਸ਼ ਦੇ ਕਈ ਹਿੰਦੂ ਮੰਦਰਾਂ ਦੀਆਂ ਤਸਵੀਰਾਂ ਸ਼ਾਮਲ ਕੀਤੀਆਂ ਹਨ। ਇਸ ਵੀਡੀਓ ਨੂੰ ਵੱਡੇ ਖਤਰੇ ਵਜੋਂ ਦੇਖਿਆ ਜਾ ਰਿਹਾ ਹੈ। ਇਸ ਤੋਂ ਪਹਿਲਾਂ 28 ਮਈ 2024 ਨੂੰ ਰਾਮ ਮੰਦਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਵੀ ਮਿਲੀ ਸੀ। ਸਭ ਤੋਂ ਪਹਿਲਾਂ ਇੱਕ ਆਈਡੀ ਤੋਂ ਇੰਸਟਾਗ੍ਰਾਮ 'ਤੇ ਪੋਸਟ ਕੀਤਾ ਫਿਰ 112 'ਤੇ ਕਾਲ ਆਈ। ਰਾਮ ਮੰਦਰ ਨੂੰ ਉਡਾਉਣ ਦੀ ਧਮਕੀ ਮਿਲਦੇ ਹੀ ਪੁਲਿਸ ਨੇ ਤੁਰੰਤ ਸਾਈਬਰ ਮਾਹਿਰਾਂ ਅਤੇ ਨਿਗਰਾਨੀ ਟੀਮ ਨੂੰ ਸਰਗਰਮ ਕਰ ਦਿੱਤਾ ਸੀ ਜਿਸ ਤੋਂ ਬਾਅਦ ਧਮਕੀ ਦੇਣ ਵਾਲੇ ਵੀ ਗ੍ਰਿਫ਼ਤਾਰੀ ਹੋਈ ਸੀ।

## ਪੰਜਾਬ ਦੇ ਨਾਲ-ਨਾਲ ਚੰਡੀਗੜ੍ਹ ਦੀ ਹਵਾ ਹੋਈ ਜ਼ਹਿਰੀਲੀ, ਆਰੇਂਜ ਅਲਰਟ ਜਾਰੀ



**ਚੰਡੀਗੜ੍ਹ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਪਰਾਲੀ ਸਾੜਨ ਕਰਕੇ ਚੰਡੀਗੜ੍ਹ ਦੀ ਹਵਾ ਜ਼ਹਿਰੀਲੀ ਹੋ ਗਈ ਹੈ। ਹਵਾ ਦੀ ਗੁਣਵੱਤਾ ਵਿਗੜ ਰਹੀ ਹੈ। ਲੋਕਾਂ ਨੂੰ ਸਾਹ ਲੈਣ ਵਿੱਚ ਦਿੱਕਤ ਆ ਰਹੀ ਹੈ। ਸਥਿਤੀ ਦਿੱਲੀ ਨਾਲੋਂ ਵੀ ਗੰਭੀਰ ਹੋ ਗਈ ਹੈ। ਚੰਡੀਗੜ੍ਹ ਦਾ AQI ਸੋਮਵਾਰ ਸਵੇਰੇ 5 ਵਜੇ 341 ਦਰਜ ਕੀਤਾ ਗਿਆ। ਭਾਵੇਂ ਪੰਜਾਬ ਦੇ ਸਾਰੇ ਸ਼ਹਿਰਾਂ ਦੀ ਹਵਾ ਵੀ ਪ੍ਰਦੂਸ਼ਿਤ ਹੈ, ਪਰ ਮੰਡੀ ਗੋਬਿੰਦਗੜ੍ਹ ਦਾ ਤਾਂ ਸਭ ਤੋਂ ਬੁਰਾ ਹਾਲ ਰਿਹਾ ਹੈ। ਇੱਥੇ AQI 270 ਦਰਜ ਕੀਤਾ ਗਿਆ ਹੈ। ਇਸ ਦੇ ਨਾਲ ਹੀ ਸੂਬੇ 'ਚ ਠੰਡ ਵਧਣ ਲੱਗ ਗਈ ਹੈ। 24 ਘੰਟਿਆਂ ਵਿੱਚ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 0.4 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਹੈ। ਇਹ ਆਮ ਨਾਲੋਂ 1.7 ਡਿਗਰੀ ਘੱਟ ਸੀ। ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 31 ਡਿਗਰੀ ਦਰਜ ਕੀਤਾ ਗਿਆ। ਇਸ ਦੇ ਨਾਲ ਹੀ ਮੌਸਮ ਵਿਭਾਗ ਨੇ ਅੱਜ ਕਈ ਥਾਵਾਂ 'ਤੇ ਸੰਘਣੀ ਧੁੰਦ ਦਾ ਆਰੇਂਜ ਅਲਰਟ ਜਾਰੀ ਕੀਤਾ ਹੈ। ਇਸ ਕਾਰਨ ਵਿਜ਼ੀਬਿਲਟੀ ਪ੍ਰਭਾਵਿਤ ਹੋ ਰਹੀ ਹੈ। ਹਾਲਾਂਕਿ ਐਤਵਾਰ ਨੂੰ ਚੰਡੀਗੜ੍ਹ ਦਾ AQI ਦਿੱਲੀ ਤੋਂ ਅੱਗੇ ਨਿਕਲ ਗਿਆ ਸੀ। ਚੰਡੀਗੜ੍ਹ ਦਾ AQI 339 'ਤੇ ਪਹੁੰਚ ਗਿਆ ਸੀ, ਜਦਕਿ ਦਿੱਲੀ ਦਾ AQI 334 ਦਰਜ ਕੀਤਾ ਗਿਆ ਸੀ। ਚੰਡੀਗੜ੍ਹ ਦੇ ਸਾਰੇ ਇਲਾਕਿਆਂ ਵਿੱਚ AQI ਦਾ ਪੱਧਰ ਡਿੱਗ ਰਿਹਾ ਹੈ। ਸੋਮਵਾਰ ਸਵੇਰੇ 5 ਵਜੇ ਸੈਕਟਰ-22 'ਚ AQI 337 ਦਰਜ ਕੀਤਾ ਗਿਆ ਹੈ, ਜਦੋਂ ਕਿ ਪੰਜਾਬ ਯੂਨੀਵਰਸਿਟੀ ਅਤੇ ਨਿਊ ਚੰਡੀਗੜ੍ਹ ਵਾਲੇ ਪਾਸੇ AQI 319 ਅਤੇ ਮੋਹਾਲੀ ਵਾਲੇ ਪਾਸੇ ਸੈਕਟਰ-53 ਦੀ ਹਾਲਤ ਸਭ ਤੋਂ ਮਾੜੀ ਹੈ। ਇੱਥੇ AQI 341 'ਤੇ ਪਹੁੰਚ ਗਿਆ ਹੈ। ਚੰਡੀਗੜ੍ਹ ਪ੍ਰਦੂਸ਼ਣ ਕੰਟਰੋਲ ਕਮੇਟੀ ਨੇ ਸ਼ਹਿਰ ਦੀ ਸਥਿਤੀ ਨੂੰ ਦੇਖਦਿਆਂ ਹੋਇਆਂ ਨਗਰ ਨਿਗਮ ਨੂੰ ਛਿੜਕਾਅ ਅਤੇ ਹੋਰ ਕਦਮ ਚੁੱਕਣ ਦੇ ਹੁਕਮ ਦਿੱਤੇ ਹਨ। ਉੱਥੇ ਹੀ ਜੇਕਰ ਪੰਜਾਬ ਦੀ ਗੱਲ ਕਰੀਏ ਤਾਂ ਸਭ ਤੋਂ ਮਾੜੀ ਹਾਲਤ ਮੰਡੀ ਗੋਬਿੰਦਗੜ੍ਹ ਦੀ ਹੋਈ ਹੈ। ਇੱਥੇ AQI 270, ਜਲੰਧਰ ਦਾ 207, ਅੰਮ੍ਰਿਤਸਰ ਦਾ AQI 202, ਲੁਧਿਆਣਾ ਦਾ AQI 202, ਬਠਿੰਡਾ ਦਾ AQI 175 ਅਤੇ ਪਟਿਆਲਾ ਅਤੇ ਖੰਨਾ ਦਾ AQI 199 ਰਿਹਾ ਹੈ। ਸਿਹਤ ਵਿਭਾਗ ਦੇ ਮਾਹਰਾਂ ਅਨੁਸਾਰ ਇਸ ਮੌਸਮ ਵਿੱਚ ਬਹੁਤ ਸਾਰੀਆਂ ਸਾਵਧਾਨੀਆਂ ਵਰਤਣੀਆਂ ਚਾਹੀਦੀਆਂ ਹਨ। ਉਦਾਹਰਣ ਵਜੋਂ, ਘਰ ਤੋਂ ਬਾਹਰ ਨਿਕਲਣ ਵੇਲੇ ਮਾਸਕ ਪਾਉਣਾ ਚਾਹੀਦਾ ਹੈ। ਖ਼ੁਰਾਕ ਦਾ ਧਿਆਨ ਰੱਖੋ। ਪ੍ਰਦੂਸ਼ਣ ਤੋਂ ਬਚਣ ਲਈ ਖ਼ੁਰਾਕ ਚੰਗੀ ਹੋਣੀ ਚਾਹੀਦੀ ਹੈ। ਘਰ ਦੀ ਹਵਾ ਨੂੰ ਸ਼ੁੱਧ ਰੱਖਣ ਲਈ ਪੌਦੇ ਲਗਾਏ ਜਾ ਸਕਦੇ ਹਨ। ਪ੍ਰਦੂਸ਼ਣ ਤੋਂ ਬਚਣ ਲਈ ਘਰ ਤੋਂ ਘੱਟ ਬਾਹਰ ਨਿਕਲੋ।

## 1984 ਸਿੱਖ ਕਤਲੇਆਮ ਦੇ ਇਕ ਮਾਮਲੇ ਵਿੱਚ ਦਿੱਲੀ ਹਾਈਕੋਰਟ ਨੇ ਜਗਦੀਸ਼ ਟਾਈਟਲਰ ਦੀ ਅਪੀਲ ਖਾਰਿਜ ਕੀਤੀ

### ਮਾਮਲੇ ਦੀ ਸੁਣਵਾਈ ਜਾਰੀ ਰਹੇਗੀ

**ਨਵੀਂ ਦਿੱਲੀ, 11 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-1984 ਸਿੱਖ ਕਤਲੇਆਮ ਦੇ ਇਕ ਮਾਮਲੇ ਵਿੱਚ ਜਗਦੀਸ਼ ਟਾਈਟਲਰ ਨੂੰ ਦਿੱਲੀ ਹਾਈਕੋਰਟ ਤੋਂ ਰਾਹਤ ਨਹੀਂ ਮਿਲੀ ਹੈ। ਦਿੱਲੀ ਹਾਈਕੋਰਟ ਨੇ ਮੁਕੱਦਮੇ ਦੀ ਕਾਰਵਾਈ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ ਹੈ। ਦਰਅਸਲ, ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਨੇ ਸੋਮਵਾਰ ਨੂੰ ਹਾਈ ਕੋਰਟ ਨੂੰ 1984 ਦੇ ਸਿੱਖ ਵਿਰੋਧੀ ਦੰਗਿਆਂ ਦੌਰਾਨ ਉੱਤਰੀ ਦਿੱਲੀ ਦੇ ਪੁਲਬੰਗਸ਼ ਇਲਾਕੇ ਵਿੱਚ ਤਿੰਨ ਲੋਕਾਂ ਦੇ ਕਤਲ ਨਾਲ ਸਬੰਧਤ ਇੱਕ ਮਾਮਲੇ ਵਿੱਚ ਹੇਠਲੀ ਅਦਾਲਤ ਦੀ ਕਾਰਵਾਈ 'ਤੇ ਰੋਕ ਲਾਉਣ ਦੀ ਬੇਨਤੀ ਕੀਤੀ ਸੀ। ਟਾਈਟਲਰ ਦੇ ਵਕੀਲ ਨੇ ਕਿਹਾ ਕਿ ਇਸਤਗਾਸਾ ਪੱਖ ਦੇ ਗਵਾਹ ਦੇ ਬਿਆਨ ਦਰਜ ਕਰਨ ਲਈ ਕੇਸ ਨੂੰ ਮੰਗਲਵਾਰ ਨੂੰ ਹੇਠਲੀ ਅਦਾਲਤ ਵਿੱਚ ਸੂਚੀਬੱਧ ਕੀਤਾ ਗਿਆ ਹੈ ਅਤੇ ਸਬੰਧਤ ਅਦਾਲਤ ਨੂੰ ਉਸ ਵਿਰੁੱਧ ਕਤਲ ਅਤੇ ਹੋਰ ਅਪਰਾਧਾਂ ਦੇ ਦੋਸ਼ ਆਇਦ ਹੋਣ ਤੱਕ ਮਾਮਲੇ ਨੂੰ ਹਾਈ ਕੋਰਟ ਵਿੱਚ ਵਿਚਾਰ ਅਧੀਨ ਰੱਖਣ ਦਾ ਨਿਰਦੇਸ਼ ਦਿੱਤਾ ਗਿਆ ਹੈ। ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਫੈਸਲਾ ਹੋਣ ਤੱਕ ਕੇਸ ਦੀ ਸੁਣਵਾਈ ਨਹੀਂ ਹੋਣੀ ਚਾਹੀਦੀ। ਜਸਟਿਸ ਮਨੋਜ ਕੁਮਾਰ ਓਹਰੀ ਨੇ ਪਹਿਲਾਂ ਟਾਈਟਲਰ ਨੂੰ ਕੁਝ ਵਾਧੂ ਦਸਤਾਵੇਜ਼ ਦਾਖ਼ਲ ਕਰਨ ਲਈ ਸਮਾਂ ਦਿੱਤਾ ਸੀ। ਉਨ੍ਹਾਂ ਕਿਹਾ ਕਿ ਦਸਤਾਵੇਜ਼ ਤਾਂ ਦਰਜ ਕੀਤੇ ਗਏ ਹਨ, ਪਰ ਰਿਕਾਰਡ 'ਤੇ ਨਹੀਂ ਹਨ। ਹਾਈਕੋਰਟ ਨੇ ਰਜਿਸਟਰੀ ਨੂੰ ਅੱਜ ਹੀ ਦਸਤਾਵੇਜ਼ ਰਿਕਾਰਡ 'ਤੇ ਰੱਖਣ ਅਤੇ ਬਾਅਦ ਦੁਪਹਿਰ ਮਾਮਲੇ ਦੀ ਸੁਣਵਾਈ ਕਰਨ ਦੇ ਨਿਰਦੇਸ਼ ਦਿੱਤੇ। ਪੀੜਤਾਂ ਦੀ ਨੁਮਾਇੰਦਗੀ ਕਰ ਰਹੇ ਸੀਨੀਅਰ ਵਕੀਲ ਐਚ.ਐਸ ਫੂਲਕਾ ਨੇ ਪਟੀਸ਼ਨ ਦਾ ਵਿਰੋਧ ਕਰਦਿਆਂ ਕਿਹਾ ਕਿ ਗਵਾਹ ਬੁੱਢੇ ਹਨ ਅਤੇ ਕਈ ਬਿਮਾਰੀਆਂ ਤੋਂ ਪੀੜਤ ਹਨ ਅਤੇ ਉਨ੍ਹਾਂ ਨੂੰ ਕਈ ਵਾਰ ਹੇਠਲੀ ਅਦਾਲਤ ਵਿੱਚ ਪੇਸ਼ ਹੋਣਾ ਪੈਂਦਾ ਹੈ। ਉਸਨੇ ਕਿਹਾ ਕਿ ਉਹ ਮੰਗਲਵਾਰ ਨੂੰ ਚੌਥੀ ਵਾਰ ਅਦਾਲਤ ਵਿੱਚ ਪੇਸ਼ ਹੋਵੇਗੀ। ਹਾਈ ਕੋਰਟ ਨੇ ਟਾਈਟਲਰ ਦੇ ਵਕੀਲ ਨੂੰ ਕੁਝ ਗਵਾਹਾਂ ਦੇ ਬਿਆਨ ਦਰਜ ਕਰਨ ਲਈ ਕਿਹਾ ਸੀ, ਜੋ ਪਹਿਲਾਂ ਦਰਜ ਨਹੀਂ ਕੀਤੇ ਗਏ ਸਨ। ਇਸ 'ਤੇ ਅਦਾਲਤ ਨੇ ਮੁਕੱਦਮੇ ਦੀ ਕਾਰਵਾਈ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਣ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫ਼ਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

Enjoy Real Taste of PUNJAB

PURE AND NATURAL 100% VEGETARIAN

KD

FULLY A.C. HALL

**Khehra VAISHNO DHABA**

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment



## ਪੰਜਾਬੀ ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ

ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ

ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਕਥਾ ਵਿਚਾਰ



ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ

ਮਿਤੀ 12 ਨਵੰਬਰ | ਦਿਨ ਮੰਗਲਵਾਰ

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ

ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਸੰਪਰਕ : 98140-13915

ਸਿੱਧਾ ਪ੍ਰਸਾਰਨ : PTC ਸਿਮਰਨ ਸਮਾਂ : ਸਵੇਰੇ 7.30 ਤੋਂ 8.30 ਤੱਕ



ਸਾਬਤ ਸੂਰਤਿ ਦਸਤਾਰ ਸਿਰਾ

ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)

ਸੰਪਰਕ ਨੰ. :

+91 98882-22446



ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com

Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫ਼ਤਹਿ

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ॥
ਇਤੁ ਮਾਰਗਿ ਪੈਰੁ ਧਰੀਜੈ ॥
ਸਿਰੁ ਦੀਜੈ ਕਾਣਿ ਨ ਕੀਜੈ ॥

## ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਵਸ ਸੰਬੰਧੀ

# ਆਜ਼ਾਦ ਫਰੰਟ ਪੰਜਾਬ

## ਵੱਲੋਂ

## ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟਰੀਟ ਵੁਲਵਰਹੈਂਪਟਨ ਵਿਖੇ

# ਸ਼ਹੀਦੀ ਸਮਾਗਮ

## 22 ਤੋਂ 24 ਨਵੰਬਰ 2024



**ਗੁਰੂ ਪਿਆਰੀ ਸਾਧ ਸੰਗਤ ਜੀਓ,**

**ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ ।।**

ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਵਸ ਸੰਪੂਰਨ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਕਹਿਣੀ ਅਤੇ ਕਰਨੀ ਦੇ ਪੂਰੇ ਅਨੋਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਦਿਵਸ **ਆਜ਼ਾਦ ਫਰੰਟ ਪੰਜਾਬ** ਦੇ ਸਾਰੇ ਹੀ ਸੇਵਾਦਾਰਾਂ ਵੱਲੋਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟਰੀਟ ਵੁਲਵਰਹੈਂਪਟਨ ਵਿਖੇ 22 ਨਵੰਬਰ ਤੋਂ 24 ਨਵੰਬਰ, 2024 ਤੱਕ ਸ਼ਹੀਦੀ ਸਮਾਗਮ ਕਰਵਾਇਆ ਜਾ ਰਿਹਾ ਹੈ।ਅਸੀਂ ਆਪ ਸਭ ਨੂੰ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਇਸ ਸਮਾਗਮ ਵਿੱਚ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ-ਧੰਨ ਬਾਬਾ ਦੀਪ ਸਿੰਘ ਜੀ ਨੂੰ ਸ਼ਰਧਾਂਜਲੀਆਂ ਭੇਟ ਕਰੀਏ।

ਆਵਾਜ਼ਿ ਕੌਮ
AWAZE QAUM
International Newspaper & WEB TV

## ✶ ਪ੍ਰੋਗਰਾਮ ✶

ਆਰੰਭ ਸ੍ਰੀ ਅਖੰਡਪਾਠ ਸਾਹਿਬ 22 ਨਵੰਬਰ 2024
ਦਿਨ ਸ਼ੁੱਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਆਖੰਡਪਾਠ ਸਾਹਿਬ 24 ਨਵੰਬਰ 2024
ਦਿਨ ਐਤਵਾਰ ਸਵੇਰੇ 10 ਵਜੇ

**ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ**



ਜਿਸ ਵਿੱਚ ਗੁਰਬਾਣੀ ਕੀਰਤਨ, ਕਥਾ ਤੋਂ ਬਾਅਦ ਗਿਆਨੀ ਗੱਜਣ ਸਿੰਘ ਗੜਗੱਜ ਦਾ ਢਾਡੀ ਜੱਥਾ ਬਾਬਾ ਜੀ ਦੇ ਜੀਵਨ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਗੇ।

**ਤਿੰਨੋ ਦਿਨ ਹੀ ਗੁਰੂ ਕਾ ਲੰਗਰ ਅਤੁੱਟ ਵਰਤੇਗਾ**

**ਗੁਰਦੁਆਰਾ ਸਾਹਿਬ ਦਾ ਪਤਾ**
Guru Nanak Sikh Gurdwara
SEDGLEY Street
Wolverhampton WV2 3AJ
Mob. : 0738 731 7178

ਖਾਲਸਾ ਪੰਥ ਦੇ ਸੇਵਾਦਾਰ

# ਆਜਾਦ ਫਰੰਟ ਪੰਜਾਬ




## ✶ ਪੰਥ ਦੇ ਸੇਵਾਦਾਰ ✶

ਭਾਈ ਜਸਪਾਲ ਸਿੰਘ ਨਿੱਝਰ
ਭਾਈ ਪ੍ਰਭਜੀਤ ਸਿੰਘ ਔਲਖ
ਭਾਈ ਹਰਜੀਤ ਸਿੰਘ ਢਿੱਲੋਂ
ਭਾਈ ਗੁਰਬਿੰਦਰ ਸਿੰਘ ਗਿੱਲ
ਭਾਈ ਜੋਗਾ ਸਿੰਘ ਬਸੀ

## ੴ ਸਤਿਗੁਰੂ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

## ਅਮਰਜੀਤ ਸਿੰਘ ਬੱਬੂ ਚੰਨਣਕੇ

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 5 ਨਵੰਬਰ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

## ਸ਼੍ਰੀ ਅਖੰਡ ਸਾਹਿਬ ਪਾਠ ਦੇ ਭੋਗ

## ਮਿਤੀ 14 ਨਵੰਬਰ ਦਿਨ ਵੀਰਵਾਰ ਦਿਨ ਨੂੰ

## ਪਿੰਡ ਚੰਨਣਕੇ ਗ੍ਰਹਿ ਵਿਖੇ

ਸਮਾਂ 12 ਤੋਂ 1 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸੰਦੀਪ ਸਿੰਘ ਸੰਨੀ, ਅਮਰਦੀਪ ਸਿੰਘ ਕੈਨੇਡਾ, ਮਨਦੀਪ ਕੌਰ ਕੈਨੇਡਾ,8195800184

ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


GURU NANAK GURDWARA SMETHWICK
IN CELEBRATION OF THE AVTAR PURABH OF
DHAN DHAN SRI GURU NANAK DEV JI
GURMAT SMAGAM
12-17 NOV 2024
SRI AKHAND PAATH
ARAMBH 12 NOV - 11:30PM | BHOG 14 NOV -11:30PM
ALL DAY SMAGAM
FRIDAY 15 NOV - 4AM - 10PM | FIREWORKS 10PM
AMRIT SANCHAR
SATURDAY 16 NOV - 11AM | KAKKAR WILL BE PROVIDED
DHADI DARBAR
SATURDAY 16 NOV - 6:30-9PM
ALL DAY DIVAN
SUNDAY 17 NOV
GURU NANAK GURDWARA SMETHWICK 130 HIGH STREET | SMETHWICK | B66 3AP
FOR MORE INFO OR TO GET INVOLVED IN SEVA CALL:
BHAI HARVINDER SINGH (STAGE SECRETARY) 07872 327 419
GNG OFFICE 0121 558 2527
TSDESIGNS
ਆਵਾਜ਼ਿ ਕੌਮ
AWAZE QAUM
International Newspaper & WEB TV

ਇੰਗਲੈਂਡ 'ਚ ਪਹਿਲੀ-ਦੂਜੀ ਵਿਸ਼ਵ ਜੰਗ ਵਿੱਚ

# ਸ਼ਹੀਦ ਹੋਏ ਸਮੂਹ ਫੌਜੀਆਂ ਦੀ ਯਾਦ ਵਿੱਚ ਸ਼ਹੀਦੀ ਸਮਾਗਮ







**ਲੰਡਨ, 11 ਨਵੰਬਰ (ਸਰਬਜੀਤ ਸਿੰਘ ਬਨੂੜ)**- ਇੰਗਲੈਂਡ ਵਿੱਚ ਪਹਿਲੀ ਦੂਜੀ ਵਿਸ਼ਵ ਜੰਗ ਵਿੱਚ ਸ਼ਹੀਦ ਹੋਏ ਸਮੂਹ ਫੌਜੀਆਂ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਕਰਵਾਏ ਗਏ। ਇਸ ਮੌਕੇ ਬਰਮਿੰਘਮ ਤੋਂ ਪਹਿਲੀ ਸਿੱਖ ਐਮ ਪੀ ਪ੍ਰੀਤ ਕੌਰ ਗਿੱਲ ਵੱਲੋਂ ਸੇਂਟ ਪੀਟਰਜ਼ ਚਰਚ, ਹਾਰਬੋਰਨ ਵਿੱਚ ਹੋਏ ਸਰਧਾਂਜਲੀ ਸਮਾਗਮ ਵਿੱਚ ਹਿੱਸਾ ਲੈ ਫੁੱਲ ਮਾਲਾ ਅਰਪਿਤ ਕਰ ਕਿਹਾ ਕਿ ਮੈਂ ਉਨ੍ਹਾਂ ਲੋਕਾਂ ਦੇ ਸਨਮਾਨ ਵਿੱਚ ਇੱਕ ਪੁਸ਼ਪਾਜਲੀ ਭੇਟ ਕੀਤੀ ਜਿਨ੍ਹਾਂ ਨੇ ਸਾਡੀਆਂ ਕਦਰਾਂ-ਕੀਮਤਾਂ ਅਤੇ ਆਜ਼ਾਦੀਆਂ ਦੀ ਰੱਖਿਆ ਲਈ ਅੰਤਮ ਕੁਰਬਾਨੀ ਕੀਤੀਆਂ। ਸਲੋਹ ਵਿਖੇ ਹੋਏ ਸਮਾਗਮ ਵਿੱਚ ਸਲੋਹ ਬਾਰੋ ਕੌਂਸਲ ਦੇ ਮੇਅਰ ਬਲਵਿੰਦਰ ਸਿੰਘ ਢਿੱਲੋਂ, ਐਮ ਪੀ ਤਨਮਨਜੀਤ ਸਿੰਘ ਢੇਸੀ ਨੇ ਪਹਿਲੀ ਦੂਜੀ ਵਿਸ਼ਵ ਜੰਗ ਦੇ ਸ਼ਹੀਦਾਂ ਨੂੰ ਸਰਧਾਂਜਲੀ ਭੇਂਟ ਕਰਦਿਆਂ ਕਿਹਾ ਕਿ ਅਸੀਂ ਉਹਨਾਂ ਦੇ ਰਿਣੀ ਅਤੇ ਸ਼ੁਕਰਗੁਜ਼ਾਰ ਹਾਂ ਜਿਹਨਾਂ ਨੇ ਬਹਾਦਰੀ ਨਾਲ ਆਪਣਾ ਫਰਜ਼ ਨਿਭਾਇਆ ਅਤੇ ਸਾਡੀ ਸਮੂਹਿਕ ਅਜ਼ਾਦੀ ਲਈ ਅੰਤਮ ਕੁਰਬਾਨੀ ਦਿੱਤੀ। ਇਸ ਮੌਕੇ ਸਲੋਹ ਬਾਰੋ ਕੌਂਸਲ ਦੇ ਮੌਜੂਦਾ ਕੌਂਸਲਰਾਂ ਤੋਂ ਇਲਾਵਾ ਸਾਬਕਾ ਮੇਅਰਾਂ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਾਜ਼ਰੀ ਭਰੀ। ਇੰਗਲੈਂਡ ਦੇ ਗ੍ਰੀਨਫੀਲਡ ਸੈਡਲਵਰਥ ਵਿੱਚ ਰਾਇਲ ਮੇਲ ਦੇ ਬਾਕਸ ਉਪਰ ਬਰਮਾ ਵਿੱਚ ਸ਼ਹੀਦ ਹੋਏ ਸਿੱਖ ਫੌਜਾਂ ਦੀ ਯਾਦ ਵਿੱਚ ਪੁਸ਼ਾਕ ਬੂਣ ਕੇ ਉਨ੍ਹਾਂ ਨੂੰ ਸਰਧਾਂਜਲੀ ਦਿੱਤੀ ਗਈ ਹੈ।

ਕਿਸਾਨਾ ਨੂੰ ਮਾੜਾ ਬੋਲਣ ਦੇ ਵਿਰੋਧ ਵੱਜੋਂ

# ਟੋਲ ਪਲਾਜ਼ਾ ਵਰਿਆਮ ਵਿੱਚ ਮੋਦੀ ਸਰਕਾਰ ਤੇ ਰਵਨੀਤ ਬਿੱਟੂ ਦਾ ਪੁਤਲਾ ਫੂਕਿਆ ਗਿਆ





# ਇੰਟਰਨੈਸ਼ਨਲ ਪੰਥਕ ਦਲ ਪੰਜਾਬ ਦੇ ਪ੍ਰਧਾਨ ਜੱਥੇਦਾਰ ਹਰਚੰਦ ਸਿੰਘ ਚਕਰ ਨੂੰ ਸਦਮਾ



**ਜਗਰਾਉਂ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਇੰਟਰਨੈਸ਼ਨਲ ਪੰਥਕ ਦਲ ਪੰਜਾਬ ਪ੍ਰਧਾਨ ਜੱਥੇਦਾਰ ਹਰਚੰਦ ਸਿੰਘ ਚਕਰ ਨੂੰ ਉਸ ਸਮੇਂ ਸਦਮਾ ਲਗਾ ਜਦੋਂ ਉਨਾਂ ਦੇ ਭਰਾਵਾਂ ਵਰਗੇ ਸਾਂਢੂ ਸ:ਜਤਿੰਦਰ ਸਿੰਘ ਬੱਧਨੀ ਕਲਾਂ ਵਾਲੇ ਅਚਾਨਕ ਹਾਰਟ ਅਟੈਕ ਕਾਰਨ ਕੈਨੇਡਾ ਵਿੱਚ ਅਚਾਨਕ 47 ਸਾਲ ਦੀ ਉਮਰ ਵਿੱਚ ਅਕਾਲ ਚਲਾਣਾ ਕਰ ਗਏ ਹਨ। ਸ: ਜਤਿੰਦਰ ਸਿੰਘ ਦੋ ਮਹੀਨੇ ਪਹਿਲਾਂ ਹੀ ਕੈਨੇਡਾ ਦੇ ਵਿੰਨੀਪੈਗ ਸ਼ਹਿਰ 'ਚ ਪੰਹੁਚੇ ਸਨ। ਅਕਾਲ ਚਲਾਣਾ ਕਰਨ ਤੋਂ ਦਸ ਮਿੰਟ ਪਹਿਲਾਂ ਹੀ ਜੱਥੇਦਾਰ ਹਰਚੰਦ ਸਿੰਘ ਚਕਰ ਨਾਲ ਫੋਨ 'ਤੇ ਗੱਲਬਾਤ ਕੀਤੀ ਹੈ ਅਤੇ ਜਲਦੀ ਹੀ ਇੰਡੀਆ, ਪੰਜਾਬ ਪਹੁੰਚਣਾ ਚਾਹੁੰਦੇ ਸਨ, ਪਰ ਅਕਾਲ ਪੁਰਖ ਨੂੰ ਕੁੱਝ ਹੋਰ ਹੀ ਮਨਜ਼ੂਰ ਸੀ, ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਹੁਰਾਂ ਨੇ ਫੋਨ ਤੇ ਜੱਥੇਦਾਰ ਚਕਰ ਨਾਲ ਦੁੱਖ ਸਾਂਝਾ ਕੀਤਾ। ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰ, ਤੇ ਸਮੂਹ ਵਰਕਰ ਸਾਹਿਬਾਨਾਂ ਵੱਲੋਂ ਜੱਥੇਦਾਰ ਹਰਚੰਦ ਸਿੰਘ ਚਕਰ ਜੀਆਂ ਨਾਲ ਦੁੱਖ ਪ੍ਰਗਟ ਕਰਦੇ ਹੋਏ ਹਮਦਰਦੀ ਪ੍ਰਗਟਾਉਂਦੇ ਹਨ ਜਾਣਕਾਰੀ ਦਿੰਦਿਆ ਭਾਈ ਕੁਲਦੀਪ ਸਿੰਘ ਡੱਲਾ ਜੀਆਂ ਨੇ ਦੱਸਿਆ ਕਿ ਸ: ਜਤਿੰਦਰ ਸਿੰਘ ਬੱਧਨੀ ਕਲਾਂ ਜੀਆਂ ਦਾ ਜਲਦੀ ਹੀ ਅੰਤਿਮ ਸੰਸਕਾਰ ਕਨੇਡਾ ਦੀ ਧਰਤੀ ਤੇ ਵਿੰਨੀਪੈਗ ਸ਼ਹਿਰ ਚ ਕੀਤਾ ਜਾਵੇਗਾ। ਅਦਾਰਾ ਆਵਾਜ਼ਿ ਕੌਮ ਯੂ. ਕੇ. ਦੇ ਐਮ. ਡੀ. ਤੇ ਮੁੱਖ ਸੰਪਾਦਕ ਭਾਈ ਰਘਵੀਰ ਸਿੰਘ ਨੇ ਜਥੇਦਾਰ ਹਰਚੰਦ ਸਿੰਘ ਚਕਰ ਨਾਲ ਅਫ਼ਸੋਸ ਦਾ ਪ੍ਰਗਟਾਵਾ ਕੀਤਾ।



ਇੰਟਰਨੈਸ਼ਨਲ ਗੋਲਡ ਮੈਡਲ ਢਾਢੀ ਜਥਾ ਬੀਬੀ ਸਰਬਜੀਤ ਕੌਰ ਖਾਲਸਾ ਚੱਕ ਖੁਰਦ ਨਕੋਦਰ ਵਾਲੀਆਂ ਬੀਬੀਆ ਦਾ ਜਥਾ ਇੱਕ ਧਾਰਮਿਕ ਸਮਾਗਮ ਪਿੰਡ ਤਲਬਣ ਵਿੱਖੇ ਸੰਗਤਾ ਨੂੰ ਗੁਰ ਇਤਹਾਸ ਸਰਵਨ ਕਰਾਉਣ ਦੀਆਂ ਹੋਈਆਂ। ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਗੁਰੂ ਨਗਰ ਨਰਕ ਦੇ ਕੰਢੇ ਪਹੁੰਚ ਚੁੱਕਾ ਹੈ, ਸਰਕਾਰ ਅਤੇ ਨਗਰ ਨਿਗਮ ਦੋਵੇਂ ਹੀ ਬੇਸਮਝ : ਡਾ ਰਾਮ ਚਾਵਲਾ



**ਚੌਕ ਮਹਿਤਾ, 11 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਨਗਰ ਨਿਗਮ ਨੂੰ ਜਗਾਉਣ ਲਈ ਭਾਰਤੀ ਜਨਤਾ ਪਾਰਟੀ ਵੱਲੋਂ ਕੇਂਦਰੀ ਹਲਕਾ ਇੰਚਾਰਜ ਡਾ: ਰਾਮ ਚਾਵਲਾ ਦੀ ਪ੍ਰਧਾਨਗੀ ਹੇਠ ਅੰਮ੍ਰਿਤਸਰ ਹਾਲ ਗੇਟ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ ਪੂਰੇ ਸ਼ਹਿਰ ਵਿੱਚ ਥਾਂ-ਥਾਂ, ਗਲੀ-ਮੁਹੱਲੇ 'ਤੇ ਕੂੜਾ ਇਕੱਠਾ ਹੁੰਦਾ ਹੈ, ਜਿਸ ਨੂੰ ਇਕੱਠਾ ਕਰਨ ਲਈ ਨਗਰ ਨਿਗਮ ਕੋਲ ਲੋੜੀਂਦੇ ਸਾਧਨ ਵੀ ਨਹੀਂ ਹਨ ਅਤੇ ਕੋਈ ਵੀ ਮੁਲਾਜ਼ਮ 5 ਦਿਨਾਂ ਤੋਂ ਲੋਕਾਂ ਦੇ ਘਰਾਂ ਵਿੱਚ ਕੂੜਾ ਚੁੱਕਣ ਲਈ ਨਹੀਂ ਆਉਂਦਾ ਆਮ ਲੋਕ ਅਧਿਕਾਰੀਆਂ ਨੂੰ ਬੁਲਾ ਕੇ ਥੱਕ ਚੁੱਕੇ ਹਨ ਅੱਜ ਲੋਕਾਂ ਦਾ ਗੁੱਸਾ ਸੜਕਾਂ 'ਤੇ ਆ ਗਿਆ ਹੈ। ਹਾਲ ਗੇਟ ਦੇ ਬਾਹਰ ਵੱਡੀ ਗਿਣਤੀ ਵਿੱਚ ਲੋਕਾਂ ਨੇ ਨਗਰ ਨਿਗਮ ਨੂੰ ਕੋਸਿਆ। ਡਾ: ਰਾਮ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀਆਂ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰਨ 'ਚ ਨਾਕਾਮ ਰਹੀ ਹੈ, ਅਜਿਹਾ ਪਹਿਲੀ ਵਾਰ ਨਹੀਂ ਹੋਇਆ ਕਿ ਅੰਮ੍ਰਿਤਸਰ ਦੇ ਲੋਕ ਸੜਕਾਂ 'ਤੇ ਆ ਕੇ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਨ। ਇਸ ਤੋਂ ਪਹਿਲਾਂ ਵੀ ਕਈ ਵਾਰ ਗੰਦੇ ਪਾਣੀ ਦੀ ਸਮੱਸਿਆ, ਕਦੇ ਗਲੀ ਵਿੱਚ ਆਵਾਰਾ ਕੁੱਤਿਆਂ, ਕੂੜਾ ਕਰਕਟ ਆਦਿ ਦੀ ਸਮੱਸਿਆ ਸਾਹਮਣੇ ਆਈ ਹੈ ਗੁਰੂ ਨਗਰੀ ਅੰਮ੍ਰਿਤਸਰ ਜਿਸ ਨੂੰ ਮੋਦੀ ਸਰਕਾਰ ਨੇ ਸੁੰਦਰਤਾ ਦਾ ਸ਼ਹਿਰ ਬਣਾਉਣ ਦੇ ਸੁਪਨੇ ਨਾਲ ਸ਼ਿੰਗਾਰਿਆ ਹੈ, ਪੰਜਾਬ ਸਰਕਾਰ ਇਸ ਨੂੰ ਨਰਕ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਨਗਰ ਨਿਗਮ ਚੋਣਾਂ ਜਲਦੀ ਤੋਂ ਜਲਦੀ ਕਰਵਾਈਆਂ ਜਾਣ ਤਾਂ ਜੋ ਲੋਕ ਆਪਣਾ ਨਵਾਂ ਨੁਮਾਇੰਦਾ ਚੁਣ ਕੇ ਉਸ ਨੂੰ ਅੱਗੇ ਭੇਜ ਸਕਣ ਜੋ ਉਨ੍ਹਾਂ ਦੀ ਆਵਾਜ਼ ਬਣ ਕੇ ਇਸ ਸ਼ਹਿਰ ਨੂੰ ਮੁੜ ਤੋਂ ਸਾਫ਼ ਸੁਥਰਾ ਬਣਾ ਸਕੇ ਭਾਰਤੀ ਜਨਤਾ ਪਾਰਟੀ ਇੱਕ ਚੇਤੰਨ ਸਰਕਾਰ ਹੈ ਜੋ ਹਮੇਸ਼ਾ ਲੋਕਾਂ ਦੇ ਨਾਲ ਅਤੇ ਉਨ੍ਹਾਂ ਦੇ ਵਿਚਕਾਰ ਰਹਿੰਦੀ ਹੈ, ਇਸ ਲਈ ਸ਼ਹਿਰ ਦਾ ਹਰ ਵਿਅਕਤੀ ਅਤੇ ਹਰ ਬੱਚਾ ਬਰਾਬਰ ਹੈ। ਇਸ ਵਾਰ ਉਹ ਨਗਰ ਨਿਗਮ ਚੋਣਾਂ ਵਿਚ ਪੂਰਨ ਬਹੁਮਤ ਨਾਲ ਜਿੱਤ ਕੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਗੇ ਅਤੇ ਇਹ ਉਨ੍ਹਾਂ ਦਾ ਪਹਿਲਾ ਉਦੇਸ਼ ਹੋਵੇਗਾ ਇਸ ਮੌਕੇ ਰਾਕੇਸ਼ ਗਿੱਲ, ਸੰਜੇ ਸ਼ਰਮਾ, ਸਰਬਜੀਤ ਸਿੰਘ ਸ਼ੰਟੀ, ਮੰਡਲ ਪ੍ਰਧਾਨ ਪ੍ਰਦੀਪ ਸਰੀਨ, ਸੁਧੀਰ ਅਰੋੜਾ, ਟਹਿਲ ਸਿੰਘ, ਡਾ: ਰਾਕੇਸ਼, ਲਵਿੰਦਰ ਬੰਟੀ, ਗੌਰਵ ਗਿੱਲ, ਸੰਨੀ ਰਾਜਪੂਤ, ਅਤੁਲ ਮੇਸੀ, ਵਿਕਰਮ ਬੱਗਾ, ਕਮਲੇਸ਼, ਲਕਸ਼ਮੀ, ਸੁਧਾ, ਡਾ. ਜਸਬੀਰ ਕੌਰ, ਵਿਸ਼ਾਲ ਸੂਰ, ਗੌਰਵ ਸੇਠ, ਵਿਜੇ ਸਿੰਘਾਨੀਆ, ਯਸ਼ਪਾਲ, ਬਿੱਟੂ, ਨਰਿੰਦਰ ਗੋਲਡੀ ਆਦਿ ਵੀ ਹਾਜ਼ਰ ਸਨ।

ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਉਤਸਵ ਮਨਾਏ ਜਾਣ ਦੇ ਸੰਬੰਧ ਵਿਚ

# ਬਠਿੰਡਾ 'ਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ















ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਉਤਸਵ ਮਨਾਏ ਜਾਣ ਦੇ ਸੰਬੰਧ ਵਿਚ ਅੱਜ ਬਠਿੰਡਾ ਸ਼ਹਿਰ ਦੇ ਲਾਈਨੋਂ ਪਾਰ ਇਲਾਕੇ ਦੀ ਸੰਗਤ ਵੱਲੋਂ ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ,ਜੋਗੀ ਨਗਰ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਜਿਸ ਦੀ ਅਗਵਾਈ ਗੁਰੂ ਜੀ ਦੇ ਪੰਜ ਪਿਆਰੇ ਕਰ ਰਹੇ ਸਨ।ਨਗਰ ਕੀਰਤਨ ਦੇ ਸਤਿਕਾਰ ਅਤੇ ਸਵਾਗਤ ਵਿਚ ਸਥਾਨਕ ਸੰਗਤ ਵੱਲੋਂ ਹਰ ਪੜਾਅ ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਜਸ ਕੀਤਾ ਗਿਆ ਅਤੇ ਥਾਂ ਥਾਂ ਨਗਰ ਕੀਰਤਨ ਚ ਸ਼ਾਮਲ ਸੰਗਤ ਲਈ ਸਥਾਨਕ ਸੰਗਤ ਵੱਲੋਂ ਚਾਹ ਪਾਣੀ ਦੇ ਲੰਗਰ ਲਗਾ ਕਿ ਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਗਈਆਂ। ਨਗਰ ਕੀਰਤਨ ਵਿੱਚ ਇਲਾਕੇ ਭਰ ਦੀਆਂ ਸੰਗਤਾਂ ਨੇ ਪੂਰੇ ਉਤਸ਼ਾਹ ਨਾਲ ਹੁੰਮ-ਹੁਮਾ ਕੇ ਸ਼ਮੂਲੀਅਤ ਕੀਤੀ।ਇਹ ਨਗਰ ਕੀਰਤਨ ਜੋਗੀ ਨਗਰ, ਪਰਸ ਰਾਮ ਨਗਰ, ਮੇਨ ਬਾਜ਼ਾਰ ,ਅਰਜਨ ਨਗਰ ,ਢਿੱਲੋਂ ਕਾਲੋਨੀ, ਰਾਜੀਵ ਗਾਂਧੀ ਨਗਰ ਅਤੇ ਗੋਪਾਲ ਨਗਰ ਹੁੰਦਾ ਹੋਇਆ ਗੁਰੂ ਘਰ ਵਾਪਸ ਪੁੱਜ ਕੇ ਸਮਾਪਤ ਹੋਇਆ।

**-ਅਮਰਜੀਤ ਸਿੰਘ ਜੀਤ, 94172 87122**

# ਪਾਕਿਸਤਾਨ ਵਿਚਲੇ ਗੁਰੂ ਸਾਹਿਬਾਨਾਂ ਦੇ ਇਤਿਹਾਸਿਕ ਦਰਬਾਰ ਸਾਹਿਬ ਦੀ ਸਾਂਭ ਸੰਭਾਲ ਕਰਨ ਲਈ ਸਿੱਖ ਕੌਮ ਨੂੰ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਦੀ ਜਰੂਰਤ

ਜ਼ਿਕਰਯੋਗ ਹੈ ਕਿ ਗੁਰੂ ਸਾਹਿਬ ਦੇ ਪਾਕਿਸਤਾਨ ਵਿੱਚਲੇ ਬਹੁਤ ਸਾਰੇ ਇਤਿਹਾਸਿਕ ਸਰੋਤ ਖੰਡਰਾਂ ਦਾ ਰੂਪ ਧਾਰਨ ਕਰ ਚੁੱਕੇ ਹਨਜਦੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਮਨਾਉਣ ਲਈ ਭਾਰਤ ਵਿੱਚ ਰਹਿੰਦੇ ਸਿੱਖ ਵੀਜ਼ਾ ਲੈ ਕੇ ਪਾਕਿਸਤਾਨ ਜਾਂਦੇ ਹਨ । ਪਾਕਿਸਤਾਨ ਪਹੁੰਚ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸਿਕ ਸਥਾਨਾਂ ਦੇ ਦਰਸ਼ਨ ਸੋਸ਼ਲ ਮੀਡੀਆ ਰਾਹੀਂ ਸੰਗਤਾਂ ਨੂੰ ਕਰਾਉਂਦੇ ਹਨ ਤਾਂ ਉਸ ਵੇਲੇ 1947 ਦੇ ਦਿੱਤੇ ਜਖਮ ਤਾਜ਼ਾ ਹੋ ਜਾਂਦੇ ਹਨ ।ਜਦੋਂ ਵੀਡੀਓ ਦੇ ਵਿੱਚ ਇਹ ਦਿਖਾਇਆ ਜਾਂਦਾ ਹੈ ਕਿ ਪਾਕਿਸਤਾਨ ਵਿਚਲੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸਿਕ ਸਥਾਨ ਹੁਣ ਬਹੁਤ ਗਿਣਤੀ ਦੇ ਵਿੱਚ ਖੰਡਰਾਂ ਦਾ ਰੂਪ ਧਾਰਨ ਕਰ ਚੁੱਕੇ ਹਨ । ਬਹੁਤ ਸਾਰੇ ਧਾਰਮਿਕ ਸਥਾਨ ਖੇਤਾਂ ਦੇ ਵਿੱਚ ਵੀਰਾਨ ਬਹੁਤ ਖਸਤਾ ਹਾਲਤ ਦੇ ਵਿੱਚ ਹਨ । ਜਿਸ ਨੂੰ ਸ਼ਬਦਾਂ ਚ ਬਿਆਨ ਕਰਨਾ ਵੀ ਬਹੁਤ ਔਖਾ ਹੈ । ਅੱਜ ਸਮੂਹ ਸਿੱਖ ਕੌਮ ਨੂੰ ਇਕੱਠੇ ਹੋ ਕੇ ਇੰਟਰਨੈਸ਼ਨਲ ਲੈਵਲ ਤੇ ਸ੍ਰੀ ਗੁਰੂ



ਨਾਨਕ ਦੇਵ ਜੀ ਮਹਾਰਾਜ ਦੇ ਪਾਕਿਸਤਾਨ ਵਿਚਲੇ ਦਰਬਾਰ ਸਾਹਿਬ ਦੀ ਉਸਾਰੀ ਕਰਵਾਉਣ ਤੇ ਸਾਂਭ ਸੰਭਾਲ ਲਈ ਇੱਕਜੁੱਟਤਾ ਨਾਲ ਆਵਾਜ਼ ਬੁਲੰਦ ਕਰਨਾ ਸਮੇਂ ਦੀ ਜਰੂਰਤ ਬਣ ਚੁੱਕੀ ਹੈ। ਭਾਰਤ ਦੀਆਂ ਵੱਡੇ ਪ੍ਰਬੰਧਾਂ ਵਾਲੀਆ ਗੁਰਦੁਆਰਾ ਕਮੇਟੀਆਂ ਨੂੰ ਇੱਕ ਪਲੇਟਫਾਰਮ ਤੇ ਇਕੱਠੇ ਹੋ ਕੇ ਇਹਨਾਂ ਮਸਲਿਆਂ ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਤਾਂ ਜੋ ਆਉਣ ਵਾਲੇ ਸਮੇਂ ਵਿੱਚ ਪਾਕਿਸਤਾਨ ਵਿਚਲੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸਿਕ ਸਥਾਨਾਂ ਦੀ ਸਾਂਭ ਸੰਭਾਲ ਖਾਲਸਾ ਪੰਥ ਖੁਦ ਕਰੇ । ਇਹ ਸਭ ਕਾਰਜਾਂ ਲਈ ਭਾਰਤ ਦੀਆਂ ਵੱਡੀਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇੱਕਜੁੱਟ ਹੋ ਕੇ ਵਿਚਾਰ ਕਰਨਾ ਸਮੇਂ ਦੀ ਜਰੂਰਤ ਬਣ ਚੁੱਕਿਆ ਹੈ ।

**-ਪਰਗਟ ਸਿੰਘ ਬਲਬੇੜਾ, 9022000070**

# 'ਉਜੜੇ ਖੂਹ ਦਾ ਪਾਣੀ' ਲਘੂ ਫ਼ਿਲਮ ਜਲਦ ਦਰਸ਼ਕਾਂ ਦੇ ਸਨਮੁੱਖ ਹੋਣ ਜਾ ਰਹੀ : ਨਿਰਮਾਤਾ-ਨਿਰਦੇਸ਼ਕ ਭਗਵੰਤ ਸਿੰਘ ਕੰਗ



ਪੰਜਾਬੀ ਦੇ ਚਰਚਿਤ ਨਿਰਮਾਤਾ-ਨਿਰਦੇਸ਼ਕ ਤੇ ਲੇਖਕ ਭਗਵੰਤ ਸਿੰਘ ਕੰਗ ਦੀ ਅਣਥੱਕ ਮਿਹਨਤ ਸਦਕਾ ਅਤੇ ਓਨਾਂ ਟੀਮ ਦੇ ਸਹਿਯੋਗ ਨਾਲ ਪ੍ਰਸਿੱਧ ਪੱਤਰਕਾਰ ਤੇ ਨਾਵਲਕਾਰ ਬੂਟਾ ਸਿੰਘ ਚੌਹਾਨ ਦੇ ਨਾਵਲ 'ਉਜੜੇ ਖੂਹ ਦਾ ਪਾਣੀ' ਦੀ ਕਹਾਣੀ ਤੇ ਅਧਾਰਿਤ ਲਘੂ ਫ਼ਿਲਮ ਜਲਦ ਦਰਸ਼ਕਾਂ ਦੀ ਕਚਹਿਰੀ ਵਿੱਚ ਹਾਜ਼ਰ ਹੋਣ ਜਾ ਰਹੀ। ਇਸ ਪਹਿਲਾ ਨਿਰਮਾਤਾ-ਨਿਰਦੇਸ਼ਕ ਭਗਵੰਤ ਸਿੰਘ ਕੰਗ ਵੱਲੋ ਪੰਜਾਬੀ ਦੇ ਕਈ ਪ੍ਰਸਿੱਧ ਨਾਵਲਕਾਰਾਂ ਦੇ ਨਾਵਲਾਂ ਨੂੰ ਪੜ੍ਹ 2020 ਤੋ ਸੁਰੂ ਵਿੱਚ ਪ੍ਰਸਿੱਧ ਨਾਵਲਕਾਰ ਜੀਤ ਸਿੰਘ ਸੰਧੂ ਦੇ ਨਾਵਲ 'ਤੇਜਾ ਨਗੌਰੀ', ਰੂਪ ਸਿੰਘ ਦੇ ਨਾਵਲ ' ਬਾਕੀ ਸਫਾਂ ਪੰਜ', ਭੁਪਿੰਦਰ ਸਿੰਘ ਰੈਨਾ ਦੇ ਨਾਵਲ 'ਪਾਪ ਦੀ ਪੰਡ', ਜਤਿੰਦਰ ਹਾਂਸ ਦੇ ਨਾਵਲ 'ਨੰਗੇਜ਼' ਅਤੇ ਪੰਜਾਬੀ ਦੇ ਨਾਮਵਰ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਦੇ ਨਾਵਲ 'ਬਲਦੇ ਦਰਿਆ' ਦੀ ਕਹਾਣੀ ਤੇ ਅਧਾਰਿਤ ਵੈਬ ਸੀਰੀਜ ਜਿਸ ਨੂੰ ਦਰਸ਼ਕਾਂ ਵੱਲੋ ਖੂਬ ਸਲਾਹਿਆ ਗਿਆ। ਇਹ ਸਿਲਸਿਲੇਵਾਰ ਜਾਰੀ ਹੈ, ਇਲਾਵਾ ਨਿਰਮਾਤਾ-ਨਿਰਦੇਸ਼ਕ ਭਗਵੰਤ ਸਿੰਘ ਕੰਗ ਵੱਲੋ ਗੀਤਾਂ ਦੇ ਸੂਟ ਤੇ ਹਿੰਦੀ ਵੈਬ ਸੀਰੀਜ ਕੰਮ ਕੀਤਾ ਜਾ ਰਿਹਾ ਆਉਣ ਵਾਲੇ ਸਮੇ ਓਹ ਦਰਸ਼ਕਾਂ ਲਈ ਨਵੇ ਕੰਟੈਂਟ ਲੈ ਕੇ ਆ ਰਹੇ ਹਨ। ਨਿਰਮਾਤਾ-ਨਿਰਦੇਸ਼ਕ ਭਗਵੰਤ ਸਿੰਘ ਕੰਗ ਸਮਾਜਿਕ ਤਾਣੇ ਬਾਣੇ ਤੋ ਬਹੁਤ ਚੰਗੀ ਤਰਾਂ ਜਾਣੂ ਹਨ ।ਗੱਲਬਾਤ ਦੌਰਾਨ ਨਿਰਮਾਤਾ-ਨਿਰਦੇਸ਼ਕ ਭਗਵੰਤ ਸਿੰਘ ਕੰਗ ਜੀ ਨੇ ਦੱਸਿਆ ਫ਼ਿਲਮ 'ਉਜੜੇ ਖੂਹ ਦਾ ਪਾਣੀ' ਇਕ ਔਰਤ ਦੀ ਸੰਘਰਸ਼ਮਈ ਦਾਸਤਾਨ ਹੈ। ਅੱਜ ਦੇ ਮਰਦ ਸਮਾਜ ਵਿਚ ਕਿਸ ਤਰਾਂ ਉਸਨੂੰ ਹਵਸ ਦੇ ਭੁੱਖੇ , ਉਸਦੇ ਮਾਸ ਤੇ ਰੂਹ ਨੂੰ ਨੋਚਦੇ ਇਹ ਬਿਆਨ ਕਰਦੀ ਹੈ। ਓਨਾਂ ਕਿਹਾ ਪ੍ਰਸਿੱਧ ਪੱਤਰਕਾਰ ਤੇ ਨਾਵਲਕਾਰ ਬੂਟਾ ਸਿੰਘ ਚੌਹਾਨ ਦੀ ਲਿਖਤ ਨੂੰ ਮੈ ਸਲੂਟ ਕਰਦਾ। ਇਹ ਲਘੂ ਫ਼ਿਲਮ 'ਮਾਸਟਰ ਫ੍ਰੇਮ ਮੂਵੀਜ਼ ਤੇ ਫਿਲਮੀ ਅੱਡਾ ਵੱਲੋ ਪ੍ਰਸਤੁਤ ਕੀਤੀ ਜਾਵੇਗੀ। ਫਿਲਮ ਦੇ ਪ੍ਰੋਡਿਊਸਰ ਪਰਮਜੀਤ ਸਿੰਘ ਨਾਗਰਾ ਹਨ । ਓਨਾਂ ਦੀ ਲਘੂ ਫ਼ਿਲਮ 'ਉਜੜੇ ਖੂਹ ਦਾ ਪਾਣੀ' ਵਿਚ ਸਟਾਰ ਕਾਸਟ ਪ੍ਰਭਜੋਤ ਰੰਧਾਵਾ , ਜਗਤਾਰ ਸਿੰਘ ਬੈਨੀਪਾਲ, ਕੁਲਦੀਪ ਨਿਆਮੀ,ਦਰਸਨ ਘਾਰੂ , ਜੈਸਮੀਨ ਬਰਨਾਲਾ, ਲਫ਼ਜ ਧਾਲੀਵਾਲ ਸੁਖਪ੍ਰੀਤ ਸਿੰਘ, ਪਾਬਲੀ,ਕੁਲਵਿੰਦਰ ਕਸ਼ਯਪ, ਬਾਜਵਾ ਸਿੰਘ, ਸੋਨੂੰ ਕੇਲੋ ਆਦਿ ਨੇ ਆਪਣਾ ਬਾਖੂਬੀ ਰੋਲ ਅਦਾ ਕੀਤਾ ।



ਇਸ ਲਘੂ ਫ਼ਿਲਮ ਦੇ ਸਹਿ ਨਿਰਮਾਣਕਾਰ ਗੁਰਪ੍ਰੀਤ ਵੜੈਚ, ਅਮਨ ਚਾਹਲ ,ਜੁਗਰਾਜ ਮਰਾੜ੍ਹ ,ਲਖਵਿੰਦਰ ਜਟਾਣਾ, ਬਾਜਵਾ ਸਿੰਘ ਤੇ ਡੀ.ਪੀ.ਓ ਜਸਜੋਤ ਗਿੱਲ ਅਤੇ ਪ੍ਰੋਡੋਕਸ਼ਨ ਫ਼ਿਲਮੀ ਅੱਡਾ । ਇਸ ਫਿਲਮ ਦਾ ਦਰਸ਼ਕਾਂ ਵੱਲੋ ਬੇ ਸਬਰੀ ਨਾਲ ਇੰਤਜ਼ਾਰ ਹੈ। ਪੂਰੀ ਟੀਮ ਵਧਾਈ ਦੀ ਪਾਤਰ ਹੈ।

**-ਸ਼ਿਵਨਾਥ ਦਰਦੀ ਫ਼ਰੀਦਕੋਟ, ਜਰਨਲਿਸਟ ਸੰਪਰਕ:- 9855155392**

# ਧਰਮ ਪ੍ਰਚਾਰ ਕਮੇਟੀ ਵੱਲੋਂ 19 ਅਤੇ 20 ਨਵੰਬਰ ਨੂੰ ਲਈ ਜਾਵੇਗੀ ਧਾਰਮਿਕ ਪ੍ਰੀਖਿਆ

**ਨਵੀਂ ਦਿੱਲੀ 11 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਵਿਦਿਆਰਥੀਆਂ ਨੂੰ ਸਿੱਖ ਧਰਮ, ਇਤਿਹਾਸ ਤੇ ਵਿਰਸੇ ਨਾਲ ਜੋੜਨ ਹਰ ਸਾਲ ਧਾਰਮਿਕ ਪ੍ਰੀਖਿਆ ਕਰਵਾਈ ਜਾਂਦੀ ਹੈ। ਇਸ ਵਾਰ ਲਈ ਜਾਣ ਵਾਲੀ ਇਹ ਧਾਰਮਿਕ ਪ੍ਰੀਖਿਆ 19 ਅਤੇ 20 ਨਵੰਬਰ 2024 ਨੂੰ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਸਾਲ 2024-25 ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਦਰਜਾ ਪਹਿਲਾ ਅਤੇ ਦੂਜਾ ਦੀ ਕਰਵਾਈ ਜਾ ਰਹੀ ਧਾਰਮਿਕ ਪ੍ਰੀਖਿਆ ਲਈ ਦੇਸ਼ ਭਰ ਦੇ ਵੱਖ-ਵੱਖ ਸਕੂਲਾਂ/ਕਾਲਜਾਂ ਵਿਚ ਸੈਂਟਰ ਨਿਰਧਾਰਤ ਕੀਤੇ ਜਾ ਚੁੱਕੇ ਹਨ ਅਤੇ ਸਟਾਫ਼ ਦੀਆਂ ਡਿਊਟੀਆਂ ਵੀ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 19 ਅਤੇ 20 ਨਵੰਬਰ ਨੂੰ ਹੋਣ ਵਾਲੀ ਇਸ ਧਾਰਮਿਕ ਪ੍ਰੀਖਿਆ ਵਿਚ 55 ਹਜ਼ਾਰ ਦੇ ਕਰੀਬ ਵਿਦਿਆਰਥੀ ਹਿੱਸਾ ਲੈ ਰਹੇ ਹਨ, ਜਿਨ੍ਹਾਂ ਨੂੰ ਰੋਲ ਨੰਬਰ ਤੇ ਡੇਟਸ਼ੀਟ ਭੇਜੀ ਜਾ ਚੁੱਕੀ ਹੈ। ਉਨ੍ਹਾਂ ਸਕੂਲਾਂ/ਕਾਲਜਾਂ ਦੇ ਪ੍ਰਿੰਸੀਪਲਾਂ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਧਾਰਮਿਕ ਪ੍ਰੀਖਿਆ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਦਫ਼ਤਰ ਧਰਮ ਪ੍ਰਚਾਰ ਕਮੇਟੀ ਅਤੇ ਦਫ਼ਤਰ ਦੇ 0183-2553956, 2553957-58, ਐਕਸਟੈਨਸ਼ਨ 305, ਮੋਬਾਇਲ ਨੰਬਰ 98148-51513, 62841-17221 'ਤੇ ਸੰਪਰਕ ਕਰ ਸਕਦੇ ਹਨ।



# ਪੰਜਾਬ ਦੀਆਂ ਚਾਰੇ ਜਿਮਨੀ ਚੋਣਾਂ ਬੀਜੇਪੀ ਜਿੱਤ ਕੇ ਇਤਿਹਾਸ ਬਣਾਏਗੀ: ਕ੍ਰਿਸ਼ਨ ਗੋਪਾਲ ਨੀਲੂ ਮਿੱਤਲ

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਵਿੱਚ ਹੋ ਰਹੀਆਂ ਜਿਮਣੀ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਵੱਡੇ ਮਾਰ ਜਾਣ ਨਾਲ ਜਿੱਤ ਕੇ ਇਤਿਹਾਸ ਬਣਾਉਣਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਿਆ ਹੈ ਹੁਣ ਪੰਜਾਬ ਦੇ ਲੋਕਾਂ ਨੇ ਬਣ ਬਣਾ ਲਿਆ ਹੈ ਕਿ ਉਹ ਪੰਜਾਬ ਵਿੱਚ ਹੋ ਰਹੀਆਂ ਜਿਮਣੀ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ 20 ਨਵੰਬਰ ਨੂੰ ਵੋਟਾਂ ਪਾ ਕੇ ਵੱਡੇ ਮਾਰਜਾਨਾ ਨਾਲ ਜਿਤਾਉਣਗੇ। ਉਹਨਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਅਤੇ ਕਾਂਗਰਸ ਪਾਰਟੀ ਦੋਵੇਂ ਜਣੇ ਰਲ ਕੇ ਭਾਰਤੀ ਜਨਤਾ ਪਾਰਟੀ ਨੂੰ ਹਰਾਉਣ ਵਿੱਚ ਲੱਗੇ ਹੋਏ ਹਨ। ਪਰ ਇਸ ਵਾਰ ਹਵਾ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਚੱਲ ਰਹੀ ਬਰਨਾਲਾ ਹਲਕੇ ਤੋਂ ਸਰਦਾਰ ਕੇਵਲ ਸਿੰਘ ਢਿੱਲੋਂ ਦੀਆਂ ਮੀਟਿੰਗਾਂ ਵਿੱਚ ਹੋ ਰਹੇ ਇਕੱਠ ਇਹ ਦੱਸ ਰਹੇ ਹਨ 23 ਤਰੀਕ ਨੂੰ ਨਤੀਜੇ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਆਉਣਗੇ।



### ਪਿੰਡ ਰਸੂਲਪੁਰ (ਮੱਲ੍ਹਾ) ਦੇ ਗੁਰਦੁਆਰਾ ਸੰਤੋਖਸਰ ਸਾਹਿਬ ਤੋਂ

# ਜੈਕਾਰਿਆਂ ਦੀ ਗੂੰਜ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ









**ਜਗਰਾਉਂ/ਲੁਧਿਆਣਾ (ਵਰਿਆਮ ਹਠੂਰ)**-ਸਿੱਖ ਧਰਮ ਦੇ ਬਾਨੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਸਸ਼ੋਭਿਤ ਗੁਰਦੁਆਰਾ ਸੰਤੋਖਸਰ ਸਾਹਿਬ ਤੋਂ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਗ੍ਰਾਮ ਪੰਚਾਇਤ, ਸਮੂਹ ਨਗਰ ਅਤੇ ਐੱਨ ਆਰ ਆਈ ਗੁਰਸੰਗਤਾਂ ਦੇ ਸਹਿਯੋਗ ਸਦਕਾ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਪੁਰਾਤਨ ਰਵਾਇਤਾਂ ਅਨੁਸਾਰ ਸੇਵਾਦਾਰਾਂ ਨੇ ਮੋਢਿਆਂ ਤੇ ਫੁੱਲਾਂ ਨਾਲ ਸ਼ਿੰਗਾਰੀ ਹੋਈ ਪਾਲਕੀ ਰੱਖ ਕੇ ਨਗਰ ਦੀਆਂ ਵੱਖ ਵੱਖ ਥਾਵਾਂ ਤੇ ਸ਼ਬਦ ਕੀਰਤਨ ਕਰਦੇ ਹੋਏ ਪ੍ਰਕਰਮਾਂ ਕੀਤੀ, ਮਹਾਨ ਨਗਰ ਕੀਰਤਨ ਵਿੱਚ ਨਗਰ ਸਮੇਤ ਆਸ ਪਾਸ ਦੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਇਕੱਤਰ ਹੋਈਆਂ ਗੁਰਸੰਗਤਾਂ ਨੇ ਆਪਣੀ ਹਾਜ਼ਰੀ ਭਰੀ ਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਮਹਾਨ ਨਗਰ ਕੀਰਤਨ ਦੇ ਸਭ ਤੋਂ ਅੱਗੇ ਸੇਵਾਦਾਰ ਵੀਰਾਂ, ਬੀਬੀਆਂ ਭੈਣਾਂ ਅਤੇ ਬੱਚਿਆਂ ਵੱਲੋਂ ਸਾਫ ਸਫਾਈ ਦੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਸਨ। ਸੇਵਾਦਾਰਾਂ ਵੱਲੋਂ ਨਗਰ ਵਿੱਚ ਸਾਫ ਸਫਾਈਆਂ ਦੇ ਨਾਲ ਨਾਲ ਸ਼ਾਨਦਾਰ ਸਜਾਵਟਾਂ ਦੇ ਵੀ ਪ੍ਰਬੰਧ ਕੀਤੇ ਗਏ। ਤੇ ਵੱਖ ਵੱਖ ਪੜਾਵਾਂ ਤੇ ਸੇਵਾਦਾਰਾਂ ਵੱਲੋਂ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ। ਵਿਸ਼ਾਲ ਨਗਰ ਕੀਰਤਨ ਵਿੱਚ ਪੰਜਾਬ ਦੇ ਪ੍ਰਸਿੱਧ ਭਾਈ ਕੁਲਵੰਤ ਸਿੰਘ ਜੀ ਮਾਣੂੰਕੇ ਦੇ ਕਵੀਸ਼ਰੀ ਜੱਥੇ ਅਤੇ ਬੀਬੀ ਬਲਵਿੰਦਰ ਕੌਰ ਜੀ ਖਹਿਰਾ ਦੇ ਪ੍ਰਸਿੱਧ ਢਾਡੀ ਜੱਥੇ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਦੇ ਲੂ ਕੰਡੇ ਖੜ੍ਹੇ ਕਰ ਦਿੱਤੇ ਵਿਸ਼ਵ ਪ੍ਰਸਿੱਧ ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜਿੰਦਰ ਸਿੰਘ ਜੀ ਰਾਜਾ ਰਸੂਲਪੁਰ ਵਾਲਿਆਂ ਦੇ ਜੱਥੇ ਨੇ ਪੂਰਾ ਦਿਨ ਨਾਲ-ਨਾਲ ਕੀਰਤਨ, ਧਾਰਨਾ ਦੀਆਂ ਸੇਵਾਵਾਂ ਨਿਭਾਈਆਂ, ਵੱਖ ਵੱਖ ਪੜਾਵਾਂ ਤੇ ਗੁਰਸੰਗਤਾਂ ਨੇ ਸ਼ਰਧਾ ਅਤੇ ਸਤਿਕਾਰ ਸਹਿਤ ਗੁਰੂ ਸਾਹਿਬ ਜੀ ਦੇ ਖੁੱਲ੍ਹੇ ਦਰਸ਼ਨ ਦੀਦਾਰੇ ਕੀਤੇ। ਗੁਰਸੰਗਤਾਂ ਨੇ ਨਗਰ ਕੀਰਤਨ ਵਿੱਚ ਤਨ ਮਨ ਧਨ ਨਾਲ ਸੇਵਾਵਾਂ ਕੀਤੀਆਂ, ਨਗਰ ਕੀਰਤਨ ਵੱਖ ਵੱਖ ਥਾਵਾਂ ਦੀ ਪ੍ਰਕਰਮਾ ਕਰਦਾ ਹੋਇਆ ਦੇਰ ਸ਼ਾਮ ਵਾਪਸ ਗੁਰਦੁਆਰਾ ਸੰਤੋਖਸਰ ਸਾਹਿਬ ਪਹੁੰਚਿਆ ਜਿੱਥੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਸਮਾਪਤੀ ਹੋਈ ਅੰਤ ਵਿੱਚ ਗੱਲਬਾਤ ਕਰਦਿਆਂ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਦੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਕਿਹਾ ਸਮੂਹ ਗੁਰਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੇ ਇਸ ਗੱਲ ਤੇ ਮੋਹਰ ਲਾਈ ਕਿ ਸੰਗਤਾਂ ਦੇ ਦਿਲਾਂ ਵਿੱਚ ਗੁਰੂ ਸਾਹਿਬ ਪ੍ਰਤੀ ਕਿੰਨਾਂ ਮੋਹ ਹੈ। ਸਾਰਾ ਦਿਨ ਸੰਗਤਾਂ ਨੇ ਨਗਰ ਦੀਆਂ ਵੱਖ ਵੱਖ ਥਾਵਾਂ ਦੀ ਨਾਲ ਨਾਲ ਪ੍ਰਕਰਮਾਂ ਕਰਦੇ ਹੋਏ ਗੁਰ ਇਤਿਹਾਸ ਸੁਣਿਆ ਤੇ ਖੁੱਲ੍ਹੇ ਦਰਸ਼ਨ ਦੀਦਾਰੇ ਕੀਤੇ। ਸਮੁੱਚੀਆਂ ਗੁਰਸੰਗਤਾਂ ਦਾ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਤੇ ਨਗਰ ਸਮੇਤ ਦੇਸ਼ਾਂ ਵਿਦੇਸ਼ਾਂ ਵਿੱਚ ਵਸਦੀਆਂ ਗੁਰਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਲੱਖ ਲੱਖ ਵਧਾਈਆਂ ਹੋਣ, ਤੇ ਸਾਰੇ ਨਗਰ ਦੇ ਸੇਵਾਦਾਰਾਂ ਦਾ ਤਨ ਮਨ ਧਨ ਨਾਲ ਸੇਵਾਵਾਂ ਨਿਭਾਉਣ ਲਈ ਬਹੁਤ ਬਹੁਤ ਧੰਨਵਾਦ, ਐੱਨ ਆਰ ਆਈ ਅਤੇ ਨਗਰ ਦੀਆਂ ਗੁਰਸੰਗਤਾਂ ਵੱਲੋਂ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਨੂੰ ਸਹਿਯੋਗ ਕਰਨ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ, ਅੰਤ ਵਿੱਚ ਉਨ੍ਹਾਂ ਕਿਹਾ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸੰਤੋਖਸਰ ਸਾਹਿਬ ਵਿਖੇ ਸ਼੍ਰੀ ਸਹਿਜ ਪਾਠ ਅਰੰਭ ਕੀਤੇ ਹੋਏ ਹਨ ਜਿਨ੍ਹਾਂ ਦੇ ਭੋਗ 15 ਨਵੰਬਰ ਗੁਰਪੁਰਬ ਵਾਲੇ ਦਿਨ ਸ਼ਰਧਾ ਅਤੇ ਸਤਿਕਾਰ ਸਹਿਤ ਪਾਏ ਜਾਣਗੇ ਤੇ ਉਪਰੰਤ ਦੀਵਾਨ ਸਜਾਏ ਜਾਣਗੇ ਸਮੂਹ ਗੁਰਸੰਗਤਾਂ ਸਮਾਗਮ ਵਿੱਚ ਹਾਜ਼ਰੀਆਂ ਜ਼ਰੂਰ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

**ਪੰਜਾਬ ਦੇ ਪ੍ਰਸਿੱਧ ਢਾਡੀ, ਕਵੀਸਰਾਂ, ਅਤੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜ਼ਰੀ**

ਆਵਾਜ਼ਿ ਕੌਮ AWAZE QAUM International Newspaper & WEB TV

### ਸਿੱਖਿਆ ਪ੍ਰੋਵਾਇਡਰ (ਕੱਚੇ ਅਧਿਆਪਕ) 14 ਨਵੰਬਰ ਨੂੰ

# ਚੱਬੇਵਾਲ ਕਰਨਗੇ ਰੋਸ ਪ੍ਰਦਰਸ਼ਨ : ਜਗਸੀਰ ਸਿੰਘ ਸੰਧੂ ਮੀਤ ਪ੍ਰਧਾਨ ਪੰਜਾਬ

ਫਿਰੋਜ਼ਪੁਰ 11 ਨਵੰਬਰ (ਸੁਖਮੰਦਰ ਸਿੰਘ ਸ਼ਾਤ)*ਕੱਚੇ ਅਧਿਆਪਕ ਪੱਕੇ ਕਰਨ ਦੇ ਤੌਰ ਤੇ ਵੱਡੇ ਵੱਡੇ ਫਲੈਕਸਾਂ ਅਤੇ ਪ੍ਰੋਗਰਾਮਾਂ ਰਾਹੀਂ ਇਕੱਠ ਕਰਕੇ ਕੱਚੇ ਅਧਿਆਪਕ ਪੱਕੇ ਕੀਤੇ ਗਏ ਇਹ ਆਪ ਸਰਕਾਰ ਦਾ ਮਹਿਜ਼ ਇੱਕ ਡਰਾਮਾ ਹੀ ਨਿਕਲਿਆ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੀਤ ਪ੍ਰਧਾਨ ਪੰਜਾਬ ਅਤੇ ਮੀਤ ਪ੍ਰਧਾਨ ਪੰਜਾਬ ਜਗਸੀਰ ਸਿੰਘ ਸੰਧੂ ਨੇ ਕੀਤਾ।



ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਕੱਚੇ ਅਤੇ ਆਊਟਸੋਰਸ ਕਰਮਚਾਰੀਆਂ ਲਈ ਇੱਕ 10 ਸਾਲਾ ਪਾਲਿਸੀ ਬਣਾਈ ਗਈ ਸੀ ਜਿਸ ਤਹਿਤ ਕੱਚੇ ਅਧਿਆਪਕਾਂ ਨੂੰ ਪੱਕਾ ਕੀਤਾ ਜਾਣਾ ਸੀ। ਇਸ ਪਾਲਿਸੀ ਤਹਿਤ 12000 ਦੇ ਕਰੀਬ ਅਧਿਆਪਕਾਂ ਨੂੰ ਪੱਕੇ ਕਰਨ ਲਈ ਸਰਕਾਰ ਨੇ ਵੱਡੇ ਪੱਧਰ ਤੇ ਪੰਜਾਬ ਵਿੱਚ ਹੋਰਡਿੰਗ ਬੋਰਡ ਲਗਵਾਏ ਅਤੇ ਮਿਤੀ 28 ਜੁਲਾਈ 2023 ਨੂੰ ਚੰਡੀਗੜ੍ਹ ਇੱਕ ਵੱਡਾ ਇੱਕਠ ਕਰਕੇ ਕੱਚੇ ਅਧਿਆਪਕ ਪੱਕੇ ਕਰਨ ਦੇ ਤੌਰ ਤੇ ਨਿਯੁਕਤੀ ਪੱਤਰ ਮੁੱਖ ਮੰਤਰੀ ਭਗਵੰਤ ਮਾਨ ਜੀ ਵੱਲੋਂ ਵੰਡੇ ਗਏ ਸਨ। ਪਰ ਦੂਜੇ ਪਾਸੇ ਸਿੱਖਿਆ ਪ੍ਰੋਵਾਇਡਰ ਅਧਿਆਪਕ ਯੂਨੀਅਨ ਪੰਜਾਬ ਪ੍ਰਧਾਨ ਮਨਪ੍ਰੀਤ ਸਿੰਘ ਮੋਗਾ ਦੀ ਅਗਵਾਈ ਵਿੱਚ ਇਸ ਫੋਕੇ ਡਰਾਮੇ ਅਤੇ ਬਿਨਾਂ ਪੇਅ ਸਕੇਲ ਅਤੇ ਬਿਨਾਂ ਕਿਸੇ ਡੀ.ਏ. ਤੋਂ ਮਹਿਜ਼ ਇੱਕ ਤਨਖਾਹ ਵਾਧੇ ਨੂੰ ਪੱਕਾ ਆਖਣ ਅਤੇ ਪ੍ਰਚਾਰਨ ਖ਼ਿਲਾਫ਼ ਪਿੰਡ ਖੁਰਾਣਾ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਨੇੜੇ ਆਪਣਾ ਸੰਘਰਸ਼ ਵਿੱਢ ਦਿਤਾ ਗਿਆ। ਸੰਘਰਸ਼ੀ ਆਗੂ ਇੰਦਰਜੀਤ ਸਿੰਘ ਮਾਨਸਾ ਖੁਰਾਣਾ ਪਿੰਡ ਦੀ ਪਾਣੀ ਵਾਲੀ ਟੈਂਕੀ ਤੇ ਸਰਕਾਰ ਵਿਰੁੱਧ ਪ੍ਰਦਰਸ਼ਨ ਲਈ ਲਗਾਤਾਰ 7 ਮਹੀਨੇ ਡਟੇ ਰਹੇ। ਅਖੀਰ 12 ਜਨਵਰੀ 2024 ਨੂੰ ਸੰਗਰੂਰ ਪ੍ਰਸ਼ਾਸਨ ਰਾਹੀਂ ਡਰੀਮਲੈਂਡ ਕਲੋਨੀ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਜੀ ਨੇ ਯੂਨੀਅਨ ਨਾਲ ਮੁਲਾਕਾਤ ਕੀਤੀ ਜਿਸ ਵਿੱਚ ਉਨ੍ਹਾਂ ਇਹ ਵਿਸ਼ਵਾਸ ਦਵਾਇਆ ਕਿ ਬਹੁਤ ਜਲਦ ਤੁਹਾਡੇ ਨਾਲ ਚੰਡੀਗੜ੍ਹ ਮੀਟਿੰਗ ਕਰਕੇ ਤੁਹਾਡੀ ਪੇਅ ਸਕੇਲ ਅਤੇ ਡੀ.ਏ. ਸਬੰਧੀ ਮੰਗਾਂ ਤੇ ਵਿਚਾਰ ਚਰਚਾ ਕੀਤੀ ਜਾਵੇਗੀ। ਪਰ ਉਹ ਦਿਨ ਤੋਂ ਅੱਜ ਤੱਕ ਸਰਕਾਰ ਦੇ ਕੰਨਾਂ ਤੇ ਜੂੰਅ ਨਹੀਂ ਸਰਕੀ। ਜਿਹਦੇ ਵਿਰੋਧ ਵਿੱਚ ਸਮੂਹ 12000 ਅਧਿਆਪਕ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰਦੇ ਹਨ ਤਾਂ ਸਿੱਖਿਆ ਪ੍ਰੋਵਾਇਡਰ ਅਧਿਆਪਕ ਯੂਨੀਅਨ ਪੰਜਾਬ ਪ੍ਰਧਾਨ ਮਨਪ੍ਰੀਤ ਸਿੰਘ ਮੋਗਾ ਜੀ ਦੀ ਅਗਵਾਈ ਵਿੱਚ 14 ਨਵੰਬਰ ਨੂੰ ਪੰਜਾਬ ਭਰ ਵਿੱਚੋ ਕੱਚੇ ਅਧਿਆਪਕ ਜ਼ਿਮਨੀ ਚੋਣਾਂ ਦਾ ਹਲਕਾ ਚੱਬੇਵਾਲ ਵਿਖੇ ਪਹੁੰਚ ਕੇ ਆਪ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਪ੍ਰਦਰਸ਼ਨ ਤੇ ਆਪ ਸਰਕਾਰ ਦਾ ਪਿੱਟ ਸਿਆਪਾ ਕੀਤਾ ਜਾਵੇਗਾ। ਇਸ ਮੌਕੇ ਰਮਨ ਦੁੱਗਲ ਨਰਿੰਦਰ ਸਿੰਘ ਪਾਲਾ ਸਿੰਘ ਗੁਰਦੀਪ ਸਿੰਘ ਗੁਰਮੀਤ ਸਿੰਘ ਜ਼ੀਰਾ ਸੀਨੀਅਰ ਮੀਤ ਪ੍ਰਧਾਨ ਫਿਰੋਜ਼ਪੁਰ ਜਗਸੀਰ ਉੱਗੋਕੇ ਰਣਜੀਤ ਸਿੰਘ ਹਰਪ੍ਰੀਤ ਸਿੰਘ ਸੁਖਚਰਨ ਸਿੰਘ ਆਈ ਵੀ ਬਲਜੀਤ ਸਿੰਘ ਲਖਵੀਰ ਸਿੰਘ ਜਗਸੀਰ ਸਿੰਘ ਆਦਿ ਸਾਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕੌਮ ਨੂੰ ਨਗਰ ਕੀਰਤਨਾਂ ਅੰਦਰ ਖਾਣ ਪੀਣ ਲਈ ਲੰਗਰ ਦੇ ਘੱਟ ਸਟਾਲ ਘਟਾ ਕੇ ਸਿੱਖਿਆ ਦੇ ਲੰਗਰ ਵੱਧ ਲਗਾਉਣ ਦੀ ਲੋੜ: ਜਸਪ੍ਰੀਤ ਸਿੰਘ ਕਰਮਸਰ



ਨਵੀਂ ਦਿੱਲੀ, 11 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਦੇ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਦਿੱਲੀ ਦੀ ਸਾਰੀ ਸਿੱਖ ਸੰਗਤ ਨੂੰ ਅਪੀਲ ਕੀਤੀ ਹੈ ਕਿ ਉਹ ਨਗਰ ਕੀਰਤਨਾਂ ਵਿੱਚ ਲਗਣ ਵਾਲੇ ਖਾਣ ਪੀਣ ਦੇ ਸਟਾਲਾਂ ਦੀ ਗਿਣਤੀ ਘਟਾ ਕੇ ਆਪਣੀ ਦਸਵੰਧ ਦੀ ਰਕਮ ਨੂੰ ਜ਼ਰੂਰਤਮੰਦ ਬੱਚਿਆਂ ਦੀ ਸਿੱਖਿਆ ’ਤੇ ਖਰਚ ਕਰਨ। ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸਾਰੇ ਗੁਰੂ ਸਾਹਿਬਾਨ ਨੇ ਸਾਨੂੰ “ਵਿਦਿਆ ਵਿਚਾਰੀ ਤੇ ਪਰੋਪਕਾਰੀ” ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਅਸੀਂ ਆਪਣੀ ਕੌਮ ਦੇ ਉਹਨਾਂ ਪਰਿਵਾਰਾਂ ਦੀ ਮਦਦ ਕਰੀਏ ਜੋ ਆਪਣੇ ਬੱਚਿਆਂ ਨੂੰ ਪੜ੍ਹਾਈ ਤਾਂ ਕਰਵਾਉਣਾ ਚਾਹੁੰਦੇ ਹਨ, ਪਰ ਸਮੇਂ ਦੀ ਮਜਬੂਰੀ ਕਾਰਨ ਚੰਗੀ ਸਿੱਖਿਆ ਦੇਣ ਵਿੱਚ ਅਸਮਰਥ ਹਨ। ਇਸ ਲਈ ਹਰ ਸਿੱਖ ਨੂੰ ਅੱਗੇ ਆ ਕੇ ਆਪਣੀ ਦਸਵੰਧ ਨੂੰ ਹੋਰ ਕੰਮਾਂ ’ਤੇ ਖਰਚ ਕਰਨ ਦੀ ਬਜਾਏ ਇਹਨਾਂ ਪਰਿਵਾਰਾਂ ਦੇ ਬੱਚਿਆਂ ਨੂੰ ਚੰਗੀ ਸਿੱਖਿਆ ਦਿਲਵਾਉਣ ਲਈ ਉਦਮ ਕਰਨ ਚਾਹੀਦੇ ਹਨ। ਸਰਦਾਰ ਕਰਮਸਰ ਨੇ ਕਿਹਾ ਕਿ ਪ੍ਰਕਾਸ਼ ਪੁਰਬ ਨੂੰ ਧਿਆਨ ਵਿੱਚ ਰੱਖਦਿਆਂ, ਨਗਰ ਕੀਰਤਨ ਦਿੱਲੀ ਦੇ ਵੱਖ-ਵੱਖ ਹਿੱਸਿਆ ਵਿੱਚ ਕੱਢੇ ਜਾਣਗੇ ਅਤੇ ਸਾਨੂੰ ਇਹ ਸੋਚਣਾ ਚਾਹੀਦਾ ਹੈ ਕਿ ਇਨ੍ਹਾਂ ’ਤੇ ਹੋਣ ਵਾਲੇ ਖਰਚ ਵਿੱਚ ਕਮੀ ਕਰਕੇ ਬੱਚਿਆਂ ਦੀ ਸਿੱਖਿਆ ’ਤੇ ਖਰਚ ਕੀਤਾ ਜਾਏ, ਕਿਉਂਕਿ ਇਕ ਗੁਰਸਿੱਖ ਬੱਚਾ ਖੁਦ ਪੜ੍ਹ-ਲਿਖ ਕੇ ਆਉਣ ਵਾਲੇ ਸਮੇਂ ਵਿੱਚ ਜਿੱਥੇ ਸਿੱਖ ਕੌਮ ਦੀ ਆਵਾਜ਼ ਬਣ ਕੇ ਉੱਚ ਪਦਾਂ ’ਤੇ ਬੈਠੇਗਾ, ਉਥੇ ਹੋਰ ਐਸੇ ਬੱਚਿਆਂ ਦੀ ਮਦਦ ਵੀ ਕਰੇਗਾ। ਨਗਰ ਕੀਰਤਨਾਂ ਵਿੱਚ ਲੋਕ ਸਟਾਲਾਂ ਉੱਤੇ ਖਾਂਦੇ ਹਨ ਅਤੇ ਅਗਲੇ ਦਿਨ ਭੁੱਲ ਜਾਂਦੇ ਹਨ, ਪਰ ਜੇ ਅਸੀਂ ਬੱਚਿਆਂ ਦੀ ਸਿੱਖਿਆ ’ਤੇ ਧਿਆਨ ਦਿਆਂਗੇ ਤਾਂ ਨਿਸ਼ਚਿਤ ਤੌਰ ’ਤੇ ਕੌਮ ਤਰੱਕੀ ਦੀ ਰਾਹ ’ਤੇ ਅੱਗੇ ਵਧੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖਾਂ ਦੀਆਂ ‘ਟਾਰਗੇਟ ਕੀਲਿੰਗ’ ਵਿਰੁੱਧ ਵਿਦੇਸ਼ੀ ਸਿੱਖ ਆਪੋ-ਆਪਣੀਆਂ ਮੁਲਕਾਂ ਦੀਆਂ ਅਦਾਲਤਾਂ ਵਿਚ ਕੇਸ ਪਾ ਦੇਣ ਤਾਂ ਇਹ ਜ਼ਬਰ ਹੋ ਸਕਦੈ ਬੰਦ: ਮਾਨ

**ਨਵੀਂ ਦਿੱਲੀ, 11 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- “ਇੰਡੀਆਂ ਦੀ ਬੀਜੇਪੀ-ਆਰ.ਐਸ.ਐਸ ਹਕੂਮਤ ਦੀ ਕੈਬਨਿਟ ਵਿਚ ਸਾਮਿਲ ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ, ਵਿਕਾਸ ਯਾਦਵ, ਨਿੱਖਿਲ ਗੁਪਤਾ ਵੱਲੋਂ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਬਰਤਾਨੀਆ ਵਿਚ ਅਵਤਾਰ ਸਿੰਘ ਖੰਡਾ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਅਤੇ ਲਖਬੀਰ ਸਿੰਘ ਰੋਡੇ, ਹਰਿਆਣਾ ਵਿਚ ਦੀਪ ਸਿੰਘ ਸਿੱਧੂ, ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ, ਗੁਰਪ੍ਰੀਤ ਸਿੰਘ ਹਰੀਨੌ ਦੇ ਕਤਲ ਕਰਵਾਏ ਗਏ ਹਨ, ਇਥੋ ਤੱਕ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਉਤੇ ਨਿਊਯਾਰਕ ਵਿਚ ਹਮਲਾ ਕਰਨ ਦੀ ਸਾਜਿਸ ਰਚੀ ਗਈ ਅਤੇ ਇਹ ਸਿੱਖਾਂ ਦੀ ਟਾਰਗੇਟ ਕੀਲਿੰਗ ਅਜੇ ਵੀ ਜਾਰੀ ਹਨ। ਜੇਕਰ ਇਸ ਜ਼ਬਰ ਜੁਲਮ ਵਿਰੁੱਧ ਸਭ ਮੁਲਕਾਂ ਵਿਚ ਵਿਚਰਣ ਵਾਲੇ ਸਿਰਕੱਢ ਸਿੱਖ ਅਤੇ ਉਥੋ ਦੇ ਮਨੁੱਖੀ ਅਧਿਕਾਰ ਸੰਗਠਨ, ਉਥੋ ਦੀਆਂ ਅਦਾਲਤਾਂ ਵਿਚ ਕੇਸ ਪਾ ਦੇਣ ਤਾਂ ਉਨ੍ਹਾਂ ਉਤੇ ਇਨ੍ਹਾਂ ਅਦਾਲਤਾਂ ਵਿਚ ਮੁਕੱਦਮੇ ਚੱਲ ਸਕਦੇ ਹਨ ਅਤੇ ਇਨ੍ਹਾਂ ਕਾਤਲਾਂ ਦੀਆਂ ਕੌਮਾਂਤਰੀ ਕਾਨੂੰਨਾਂ ਅਨੁਸਾਰ ਅਦਾਲਤਾਂ ਰਾਹੀ ਸਜਾਵਾਂ ਦਿਵਾਉਣ ਵਿਚ ਵੱਡੀ ਮਦਦ ਮਿਲ ਸਕਦੀ ਹੈ।”



ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਹਿੰਦੂਤਵ ਹੁਕਮਰਾਨਾਂ ਤੇ ਖੂਫੀਆ ਏਜੰਸੀਆਂ ਵੱਲੋ ਕੈਨੇਡਾ, ਅਮਰੀਕਾ, ਬਰਤਾਨੀਆ, ਪਾਕਿਸਤਾਨ, ਹਰਿਆਣਾ, ਪੰਜਾਬ ਵਿਚ ਕੀਤੇ ਜਾ ਰਹੇ ਟਾਰਗੇਟ ਕਤਲਾਂ ਉਤੇ ਬਾਹਰਲੇ ਮੁਲਕਾਂ ਵਿਚ ਵਿਚਰਣ ਵਾਲੇ ਸਿੱਖਾਂ ਨੂੰ ਆਪੋ ਆਪਣੀਆ ਅਦਾਲਤਾਂ ਵਿਚ ਇਸ ਕਤਲੇਆਮ ਵਿਰੁੱਧ ਪਟੀਸ਼ਨਾਂ ਤੇ ਕੇਸ ਪਾਉਣ ਦੀ ਸੰਜ਼ੀਦਾ ਅਪੀਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜਦੋ ਵਸਿੰਗਟਨ ਪੋਸਟ ਅਤੇ ਗਾਰਡੀਅਨ ਵਰਗੇ ਕੌਮਾਂਤਰੀ ਪੱਧਰ ਦੇ ਵੱਡੇ ਅਖ਼ਬਾਰਾਂ ਨੇ ਇੰਡੀਆਂ ਦੇ ਗ੍ਰਹਿ ਵਜੀਰ ਅਮਿਤ ਸ਼ਾਹ ਨੂੰ ਸਿੱਖਾਂ ਦੀ ਟਾਰਗੇਟ ਕੀਲਿੰਗ ਲਈ ਜਿੰਮੇਵਾਰ ਠਹਿਰਾਅ ਦਿੱਤਾ ਹੈ, ਜਿਸ ਵਿਸੇ ਤੇ ਮੈਂ ਸੰਖੇਪ ਵਿਚ ਅੰਗਰੇਜੀ ਵਿਚ ਲਿਖਿਆ ਹੈ, ਜਿਸ ਤੋ ਤੱਥਾਂ ਸਹਿਤ ਉਪਰੋਕਤ ਹੋਏ ਕਤਲਾਂ ਦੀ ਜਾਣਕਾਰੀ ਦੁਨੀਆ ਭਰ ਦੀਆਂ ਕੌਮਾਂ ਤੇ ਮੁਲਕਾਂ ਨੂੰ ਪ੍ਰਾਪਤ ਹੋਵੇਗੀ।

ਸ. ਮਾਨ ਨੇ ਸਿੱਖਾਂ ਨਾਲ ਮੋਦੀ ਦੀ ਬੀਜੇਪੀ-ਆਰ.ਐਸ.ਐਸ ਹਕੂਮਤ ਵੱਲੋ 1947 ਤੋ ਲੈਕੇ ਅੱਜ ਤੱਕ ਕੀਤੇ ਜਾਂਦੇ ਆ ਰਹੇ ਜ਼ਬਰ ਜੁਲਮ, ਬੇਇਨਸਾਫੀਆਂ ਸੰਬੰਧੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਸੰਜੀਦਗੀ ਭਰੀ ਅਪੀਲ ਕਰਦੇ ਹੋਏ ਕਿਹਾ ਕਿ ਹੁਕਮਰਾਨਾਂ ਦੇ ਜ਼ਬਰ ਜੁਲਮਾਂ ਦਾ ਇੰਤਹਾ ਹੋ ਚੁੱਕਾ ਹੈ, ਹੁਣ ਇਹ ਜ਼ਬਰ ਬਰਦਾਸਤ ਨਹੀ ਹੋ ਸਕਦਾ। ਇਸ ਲਈ ਜਥੇਦਾਰ ਸਾਹਿਬ ਸਮੁੱਚੇ ਖ਼ਾਲਸਾ ਪੰਥ ਨਾਲ ਸੰਬੰਧਤ ਸਮਾਜਿਕ, ਧਾਰਮਿਕ, ਰਾਜਨੀਤਿਕ ਅਤੇ ਸਮੁੱਚੀ ਨੌਜਵਾਨੀ ਨੂੰ ਮੀਰੀ-ਪੀਰੀ ਦੇ ਇਸ ਮਹਾਨ ਇਤਿਹਾਸਿਕ ਸਥਾਂਨ ਤੇ ਸੰਸਥਾਂ ਦੀ ਅਗਵਾਈ ਹੇਠ ਇਕੱਤਰ ਕਰਕੇ ਕੌਮਾਂਤਰੀ ਕਾਨੂੰਨਾਂ, ਨਿਯਮਾਂ ਅਨੁਸਾਰ ਇਸ ਵਿਸੇ ਨੂੰ ਕੌਮਾਂਤਰੀ ਅਦਾਲਤਾਂ ਵਿਚ ਲਿਜਾਣ ਲਈ ਕੌਮ ਵਿਚ ਵਿਚਰ ਰਹੇ ਸੂਝਵਾਨ ਵਕੀਲਾਂ ਅਤੇ ਵਿਦਵਾਨਾਂ ਦੀ ਸਹਾਇਤਾ ਲੈਕੇ ਸਮੁੱਚੀ ਕੌਮ ਦੀ ਅਗਵਾਈ ਵੀ ਕਰਨ ਅਤੇ ਸਮੁੱਚੀ ਕੌਮ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਸੰਸਥਾਂ ਹੇਠ ਇਕੱਤਰ ਕਰਨ ਵਿਚ ਯੋਗਦਾਨ ਵੀ ਪਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

### 1984 ਦੀ ਸਿੱਖ ਨਸਲਕੁਸ਼ੀ ਨੂੰ ਯਾਦ ਕਰਨ ਲਈ ਸਲੋਅ (ਯੂਕੇ) ਵਿਖੇ

# ਵੱਡੀ ਗਿਣਤੀ 'ਚ ਸਿੱਖਾਂ ਨੇ ਮੋਮਬੱਤੀਆਂ ਜੱਗਾ ਕੇ ਸ਼ਰਧਾ ਦੇ ਫੁੱਲ ਭੇਂਟ ਕੀਤੇ







ਨਵੀਂ ਦਿੱਲੀ 11 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਨਵੰਬਰ 1984 ਦੀ ਸਿੱਖ ਨਸਲਕੁਸ਼ੀ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲੇ ਹਜ਼ਾਰਾਂ ਸਿੱਖਾਂ ਨੂੰ ਯਾਦ ਕਰਨ ਲਈ ਸਲੋਅ ਅਤੇ ਆਸ ਪਾਸ ਤੋਂ ਸੈਂਕੜੇ ਸਿੱਖ ਇਕੱਠੇ ਹੋਏ। ਸਲੋਅ ਵਿਖ਼ੇ ਉਲੀਕੇ ਗਏ ਪ੍ਰੋਗਰਾਮ ਦੀ ਸ਼ੁਰੂਆਤ ਸਿਮਰਨ ਨਾਲ ਹੋਈ ਅਤੇ ਹਾਜ਼ਰ ਸਾਰੇ ਲੋਕਾਂ ਨੇ ਉਨ੍ਹਾਂ ਮਰਦਾਂ, ਔਰਤਾਂ ਅਤੇ ਬੱਚਿਆਂ ਨੂੰ ਯਾਦ ਕਰਨ ਲਈ ਸੈਂਕੜੇ ਮੋਮਬੱਤੀਆਂ ਜਗਾਈਆਂ ਜਿਨ੍ਹਾਂ ਦੇ ਗਲਾਂ ਵਿੱਚ ਟਾਇਰ ਪਾਏ ਹੋਏ ਸਨ ਅਤੇ ਉਨ੍ਹਾਂ ਨੂੰ ਜਿਉਂਦਿਆਂ ਸਾੜਿਆ ਗਿਆ ਸੀ।

ਇਸ ਤੋਂ ਬਾਅਦ ਦੇਹ ਸਿਵਾ ਬਰੁ ਮੋਹਿ ਇਹੈ ਸੁਭ ਕਰਮਨ ਤੇ ਕਬਹੂੰ ਨ ਟਰੋਂ ॥ ਸ਼ਬਦ ਦਾ ਗਾਇਨ ਕੀਤਾ ਗਿਆ ਨਾਲ ਹੀ ਚੌਪਈ ਸਾਹਿਬ ਦੇ ਪਾਠ ਉਪਰੰਤ ਸ਼ਹੀਦ ਸਿੰਘ ਸਿੰਘਣੀਆਂ ਭੁਜੰਗੀਆਂ ਲਈ ਅਰਦਾਸ ਕੀਤੀ ਗਈ ।ਸਿੱਖ ਫੈਡਰੇਸ਼ਨ (ਯੂ.ਕੇ.) ਦੇ ਦਬਿੰਦਰਜੀਤ ਸਿੰਘ ਅਤੇ ਖਾਲਸਾ ਏਡ ਦੇ ਰਵੀ ਸਿੰਘ ਨੇ ਇਕੱਤਰ ਹੋਏ ਲੋਕਾਂ ਨੂੰ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.), ਸੁਪਰੀਮ ਕੋਰਟ ਆਫ਼ ਇੰਡੀਆ ਅਤੇ ਭਾਰਤੀ ਮੰਤਰੀਆਂ ਨੂੰ ਨਵੰਬਰ ਵਿੱਚ ਸਿੱਖਾਂ ਦੇ ਅੰਨ੍ਹੇਵਾਹ ਕਤਲੇਆਮ ਅਤੇ ਮਨੁੱਖਤਾ ਵਿਰੁੱਧ ਅਪਰਾਧ" ਅਤੇ ਇੱਕ ਨਸਲਕੁਸ਼ੀ ਵਜੋਂ ਦਾ ਹਵਾਲਾ ਦਿੱਤਾ । ਉਨ੍ਹਾਂ ਦਸਿਆ ਕਿ ਦਿੱਲੀ ਹਾਈ ਕੋਰਟ ਨੇ ਦਸੰਬਰ 2018 ਵਿੱਚ ਇੱਕ ਫੈਸਲੇ ਵਿੱਚ ਕਿਹਾ ਸੀ ਕਿ ਨਵੰਬਰ 1984 ਵਿੱਚ ਸਿੱਖਾਂ ਦਾ ਕਤਲੇਆਮ "ਮਨੁੱਖਤਾ ਵਿਰੁੱਧ ਅਪਰਾਧ" ਹੈ। ਕੇਂਦਰੀ ਵਿੱਤ ਮੰਤਰੀ ਅਰੁਣ ਜੇਤਲੀ ਨੇ ਕਿਹਾ ਸੀ ਕਿ "ਇਹ ਸ਼ਾਇਦ ਸਭ ਤੋਂ ਭੈੜੀ ਨਸਲਕੁਸ਼ੀ ਸੀ ਜੋ ਅਸੀਂ ਕਦੇ ਦੇਖੀ ਹੈ ਤੇ ਸਾਡੇ ਵਿੱਚੋਂ ਬਹੁਤ ਸਾਰੇ ਗਵਾਹ ਮੌਜੂਦ ਹਨ।" ਇਸੇ ਮਾਮਲੇ ਦੀ ਸੁਣਵਾਈ ਲਈ ਮਾਰਚ 2019 ਵਿੱਚ ਸੁਪਰੀਮ ਕੋਰਟ ਵਿੱਚ ਇਕ ਅਪੀਲ ਦਾਇਰ ਕੀਤੀ ਗਈ ਸੀ ।ਮਈ 2019 ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਵੰਬਰ 1984 ਵਿੱਚ ਸਿੱਖਾਂ ਦੇ ਕਤਲੇਆਮ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਇਹ ਇੱਕ "ਵੱਡੀ, ਭਿਆਨਕ ਨਸਲਕੁਸ਼ੀ" ਸੀ ਜੋ ਕਿ 1984 ਦੇ ਕਤਲੇਆਮ ਦੀਆਂ 50 ਪੀੜ੍ਹੀਆਂ ਬਾਅਦ ਵੀ ਨਹੀਂ ਭੁਲਾਈ ਜਾ ਸਕਦੀ । ਸਲੋਅ ਅਤੇ ਮੇਡਨਹੈੱਡ ਦੇ ਸਥਾਨਕ ਕੌਂਸਲਰ ਵੀ ਇਸ ਪ੍ਰੋਗਰਾਮ ਵਿਚ ਉਚੇਚੇ ਤੌਰ ਤੇ ਸ਼ਾਮਲ ਹੋਏ ਤੇ ਉਨ੍ਹਾਂ ਲੋਕਾਂ ਨੇ ਮੋਮਬੱਤੀ ਦੀ ਰੌਸ਼ਨੀ ਵਿਚ ਸ਼ਹੀਦਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਅਪਰਨ ਕਰਣ ਲਈ ਵੱਡਾ ਸਮਰਥਨ ਦਿਖਾਇਆ ਸੀ ।

**ਦਿੱਲੀ ਹਾਈ ਕੋਰਟ ਨੇ 2018 ਵਿਚ ਕਿਹਾ ਸੀ ਕਿ ਨਵੰਬਰ 1984 ਵਿੱਚ ਸਿੱਖਾਂ ਦਾ ਕਤਲੇਆਮ "ਮਨੁੱਖਤਾ ਵਿਰੁੱਧ ਅਪਰਾਧ"**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਖਾਣੇ ਬਾਰੇ ਆਮ ਸੁਝਾਅ : ਡਾ.ਮੁਲਤਾਨੀ

**ਚੌਕ ਮਹਿਤਾ 11 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਸਰੀਰ ਨੂੰ ਚੱਲਦਾ ਰਹਿਣ ਲਈ ਖੁਰਾਕ ਜ਼ਰੂਰੀ ਪਰ ਖੁਰਾਕ ਬਾਰੇ ਵੱਖ ਵੱਖ ਲੋਕਾਂ ਦੀਆਂ ਕਈ ਤਰਾਂ ਦੀਆਂ ਧਾਰਨਾਵਾਂ ਬਣੀਆਂ ਹੋਈਆਂ ਤੇ ਕਈ ਗੱਲਾਂ ਦਾ ਪਤਾ ਹੋਣ ਦੇ ਬਾਵਜੂਦ ਵੀ ਉਸ ਦੀ ਪ੍ਰਕੈਟਿਸ ਘੱਟ ਕਰਦੇ।



ਖਾਣੇ ਬਾਰੇ ਕੁਝ ਯਾਦ ਰੱਖਣ ਯੋਗ ਗੱਲਾਂ:

☛ ਸਭ ਤੋਂ ਪਹਿਲਾਂ ਯਾਦ ਰੱਖੋ ਘੱਟ ਖਾਣਾ ਅਤੇ ਵੱਧ ਪਾਣੀ ਪੀਣਾ ਸਿਹਤਮੰਦ ਰਹਿਣ ਲਈ ਸਭ ਤੋਂ ਪਹਿਲਾ ਅਤੇ ਵੱਡਾ ਨੁਸਖ਼ਾ ਹੈ ਕਿਉਂਕਿ ਸਰੀਰ ਵਿੱਚ 60 % ਤੋਂ ਜ਼ਿਆਦਾ ਪਾਣੀ ਹੀ ਹੁੰਦਾ ।

☛ ਮਾਂ ਦੇ ਹੱਥ ਦਾ ਬਣਿਆ ਖਾਣਾ ਸਭ ਤੋਂ ਵਧੀਆ ਖਾਣਾ ਮਤਲਬ ਘਰ ਦਾ ਖਾਣਾ ਸਭ ਤੋਂ ਚੰਗਾ ਹੁੰਦਾ ਕਿਉਂਕਿ ਘਰ ਦੇ ਖਾਣੇ ਵਿੱਚ ਪੋਸ਼ਿਟਕਤਾ ਅਤੇ ਸੁਰੱਖਿਆ ਦਾ ਖਿਆਲ ਰੱਖਿਆ ਜਾਂਦਾ ਪਰ ਬਜ਼ਾਰੀ ਖਾਣਾ ਪੈਸੇ ਕਮਾਉਣ ਤੇ ਸਵਾਦੀ ਬਣਾਉਣ ਤੱਕ ਸੀਮਤ ਹੁੰਦਾ।

☛ ਖਾਣਾ ਸਰੀਰ ਲਈ ਉਹ ਹੀ ਚੰਗਾ ਹੁੰਦਾ ਜਿਹੜਾ ਤੁਹਾਡੇ ਇਲਾਕੇ ਵਿੱਚ ਉਗਾਇਆ ਜਾਂਦਾ। ਉਸ ਦਾ ਮਤਲਬ ਹੁੰਦਾ ਕਿ ਜਿਸ ਵਾਤਾਵਰਣ ਵਿੱਚ ਉੱਗਿਆ ਖਾਣਾ ਉਹੀ ਸਰੀਰ ਨੂੰ ਤੰਦਰੁਸਤ ਰੱਖੇਗਾ ।ਇਸ ਕਰਕੇ ਘਰ ਘਰ ਸਬਜ਼ੀ ਉਗਾਓ ਤੇ ਬਿਮਾਰੀਆਂ ਤੋਂ ਰਾਹਤ ਪਾਓ।

☛ ਸ਼ੂਗਰ ਵਾਲੇ ਮਰੀਜ਼ਾਂ ਨੂੰ ਪਤਾ ਹੋਣਾ ਚਾਹੀਦਾ ਕਿ ਚੀਨੀ ਗੁੜ ਸ਼ੱਕਰ ਵਿੱਚ ਮਿੱਠਾ ( ਕਾਰਬੋਹਾਈਡਰੇਟ )ਥੋੜਾ ਹੀ ਫਰਕ ਹੁੰਦਾ ਪਰ ਗੁੜ / ਸ਼ੱਕਰ ਵਿੱਚ ਸਰੀਰ ਲਈ ਕੁਝ ਹੋਰ ਤੱਤ ਵੀ ਹੁੰਦੇ ।ਮਤਲਬ ਗੁੜ ਚੰਗਾ ਹੁੰਦਾ ਆਮ ਆਦਮੀ ਲਈ ਪਰ ਫਿਰ ਜੇਕਰ ਸਾਫ ਢੰਗ ਨਾਲ ਬਣਿਆ ਹੋਵੇ ।

ਆਵਾਜ਼ਿ ਕੌਮ AWAZE QAUM International Newspaper & WEB TV

☛ ਭਾਰ ਘਟਾਉਣ ਵਾਲਿਆਂ ਨੂੰ ਯਾਦ ਰੱਖਣਾ ਚਾਹੀਦਾ ਕਿ ਜੇਕਰ ਭਾਰ ਘਟਾਉਣਾ ਤਾਂ ਪਹਿਲਾਂ ਕਾਰਬੋਹਾਈਡਰੇਟ ਵਾਲੀਆਂ ਚੀਜ਼ਾਂ ਘਟਾਓ ਨਾ ਕਿ ਚਰਬੀ ਵਾਲੀਆਂ ਕਿਉਂਕਿ ਕਾਰਬੋਹਾਈਡਰੇਟ ਸਰੀਰ ਦੀ ਖੁਰਾਕ ਵਿੱਚ ਸਭ ਤੋਂ ਪਹਿਲਾਂ ਵਰਤੋਂ ਹੁੰਦੇ ਜੋ ਕਿ ਕਣਕ ਚਾਵਲ , ਹੋਰ ਮਿੱਠੀਆਂ ਚੀਜਾਂ ਆਦਿ ਵਿੱਚੋਂ ਜ਼ਿਆਦਾ ਮਿਲਦੇ।

☛ ਜੇਕਰ ਖਾਣਾ ਵਧਾਉਣਾ ਜਾਂ ਘਟਾਉਣਾ ਹੋਵੇ ਤਾਂ ਫਾਰਮੂਲਾ ਆਫ਼ ਟੈਨ ਵਰਤੋ , ਮਤਲਬ ਜੇਕਰ ਦੱਸ ਪ੍ਰਤੀਸ਼ਤ ਖਾਣਾ ਵਧਾਇਆ ਜਾਂ ਘਟਾਇਆ ਜਾਵੇ ਤਾਂ ਸਰੀਰ ਬਿਨਾਂ ਕਿਸੇ ਨੁਕਸਾਨ ਤੋਂ ਅਪਣੇ ਆਪ ਐਡਜਟਸ ਕਰ ਲਵੇਗਾ।

☛ ਭਾਰਤ ਵਿੱਚ ਮਿਠਿਆਈਆਂ ਦੀ ਵਰਤੋਂ ਨੂੰ ਸਮਾਜਿਕ / ਧਾਰਮਿਕ ਰਸਮ ਬਣਾ ਰੱਖਿਆ ਜੋ ਕਿ ਕਈ ਬਿਮਾਰੀਆਂ ਦਾ ਕਾਰਨ ਹਨ ਤੇ ਮਿਠਿਆਈਆਂ ਖਾਣ ਤੋਂ ਪਰਹੇਜ ਕਰਨਾ ਚਾਹੀਦਾ ਨਾਲੇ ਧਾਰਮਿਕ ਮਾਨਤਾ ਨੂੰ ਛੱਡ ਦੇਣਾ ਚਾਹੀਦਾ ।

☛ ਜੇਕਰ ਤੁਸੀਂ ਹਰ ਖਾਣਾ ਚੁਣ ਚੁਣ ਕੇ ਖਾਂਦੇ ਹੋ ਤਾਂ ਤੁਸੀਂ ਕਿਸੇ ਵੀ ਵੱਡੀ ਮੁਸ਼ਕਲ ਵਿਚ ਫਸ ਸਕਦੇ ਹੋ ,ਕਿਉਂਕਿ ਵੱਖ ਵੱਖ ਖਾਣ ਵਾਲੀਆਂ ਚੀਜ਼ਾਂ ਵਿੱਚੋਂ ਵੱਖ ਵੱਖ ਤੱਤ ਸਰੀਰਕ ਜ਼ਰੂਰਤ ਮੁਤਾਬਕ ਮਿਲ ਜਾਂਦੇ।

☛ ਭਾਵੇਂ ਭਾਰਤ ਵਿੱਚ ਤਾਜ਼ੇ ਖਾਣੇ ਨੂੰ ਪਹਿਲ ਦਿੱਤੀ ਜਾਂਦੀ ਜੋ ਕਿ ਚੰਗੀ ਗੱਲ ਪਰ ਇਹ ਕਹਿਣਾ ਕਿ ਠੰਡਾ ਕੀਤਾ ਖਾਣਾ ਬਿਲਕੁਲ ਖਰਾਬ ਹੁੰਦਾ ਇਹ ਠੀਕ ਨਹੀਂ ਪਰ ਫਿਰ ਖਾਣੇ ਦੀ ਗੁਣਵੱਤਾ ਅਤੇ ਉਸ ਨੂੰ ਸਟੋਰ ਕਰਨ ਦੇ ਤਰੀਕੇ ਸਹੀ ਹੋਣੇ ਚਾਹੀਦੇ ।

☛ ਕਈ ਵਾਰ ਸ਼ਾਕਾਹਾਰੀ ਅਤੇ ਮਾਸਾਹਾਰੀ ਖਾਣੇ ਦਾ ਮੁਕਾਬਲਾ ਕੀਤਾ ਜਾਂਦਾ ਜਿਸ ਵਿੱਚ ਕਈ ਧਾਰਮਿਕ ਮਾਨਤਾਵਾਂ ਵੀ ਹਨ , ਇਸ ਬਾਰੇ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਖਾਣਾ ਉਹੀ ਚੰਗਾ ਜੋ ਤੁਹਾਡੇ ਮੰਨ ਨੂੰ ਚੰਗਾ ਲੱਗੇ ਤੇ ਤੁਹਾਡਾ ਸਰੀਰ ਉਸ ਖਾਣੇ ਨੂੰ ਹਜ਼ਮ ਕਰ ਸਕੇ।

☛ ਭਾਰਤ ਵਿੱਚ ਵਰਤ ਰੱਖਣ ਨੂੰ ਧਾਰਮਿਕ ਰਸਮ ਬਣਾ ਰੱਖਿਆ ਜਿਸ ਵਾਸਤੇ ਚੋਣਵੇਂ ਦਿਨ ਅਤੇ ਤਿਓਹਾਰ ਬਣਾ ਰੱਖੇ ਜਦੋਂ ਕਿ ਵਰਤ ਸਰੀਰ ਨੂੰ ਨਿੱਤ ਦੇ ਖਾਣੇ ਤੋਂ ਆਰਾਮ ਕਰਵਾਉਣ ਦਾ ਚੰਗਾ ਤਰੀਕਾ ਹੈ ਤੇ ਦੇਖਣ ਵਿੱਚ ਆ ਰਿਹਾ ਕਿ ਕਈ ਲੋਕ ਖਾਸ ਕਰਕੇ ਔਰਤਾਂ ਧਾਰਮਿਕ ਰਸਮਾਂ ਵਿੱਚ ਫਸ ਕੇ ਹੋਰ ਬਿਮਾਰ ਹੋ ਰਹੀਆਂ , ਜਿਸ ਵਾਸਤੇ ਧਾਰਮਿਕ ਨੇਤਾਵਾਂ ਨੂੰ ਜਾਗਰੂਕਤਾ ਲਿਆਉਣੀ ਚਾਹੀਦੀ ਕਿ ਵਰਤ ਸਰੀਰ ਨੂੰ ਠੀਕ ਰੱਖਣ ਲਈ ਹੈ ਨਾ ਕਿ ਕਿਸੇ ਹੋਰ ਰਿਸ਼ਤੇ ਜਾਂ ਰੱਬ ਦੀ ਪੂਜਾ ਹੈ ਅੰਤ ਵਿੱਚ ਖਾਣੇ ਬਾਰੇ ਯਾਦ ਰੱਖੋ ਕਿ ਹਰ ਚੀਜ ਖਾਓ ਪਰ ਘੱਟ ਖਾਓ ਤੇ ਵੱਧ ਪਾਣੀ ਪੀਓ ਜੇ ਸਰੀਰ ਨੂੰ ਤੰਦਰੁਸਤ ਰੱਖਣਾ ਤੇ ਬਿਮਾਰੀਆਂ ਤੋਂ ਬਚਣਾ । ਪਰ ਭਾਰਤ ਵਿੱਚ ਖਾਣੇ ਦੀ ਗੁਣਵੱਤਾ , ਸੁਰੱਖਿਆ , ਮਿਲਾਵਟ ਅਤੇ ਰੱਖ ਰਖਾਵ ਦੇ ਵੱਡੇ ਖ਼ਦਸ਼ੇ ਹਨ ਜਿਸ ਬਾਰੇ ਸਰਕਾਰ ਨੂੰ ਉਚੇਚਾ ਧਿਆਨ ਦੇਣਾ ਚਾਹੀਦਾ।

ਦੂਸਰਾ ਸੋਸ਼ਲ ਮੀਡੀਆ ਮਾਹਿਰਾਂ ਤੋਂ ਬਚੋ ਜਿਹਨਾਂ ਨੇ ਹੁਣ ਸੋਸ਼ਲ ਮੀਡੀਆ ਮਾਰਕਿਟ ਬਣਾ ਰੱਖੀ ਤੇ ਤਰਾਂ ਤਰਾਂ ਦੀਆਂ ਮੰਨਘੜਤ ਕਹਾਣੀਆਂ ਨਾਲ ਲੋਕਾਂ ਨੂੰ ਗੁਮਰਾਹ ਕਰ ਰਹੇ ।

ਤੀਸਰਾ ਧਾਰਮਿਕ ਨੇਤਾਵਾਂ / ਸਰਕਾਰਾਂ ਨੂੰ ਖੁਰਾਕ ਤੇ ਬੰਦਸਾਂ ਵਿੱਚ ਨਹੀਂ ਫਸਾਉਣਾ ਚਾਹੀਦਾ ਕਿਉਕਿ ਮਾਸਾਹਾਰੀ ਜਾਂ ਸ਼ਾਕਾਹਾਰੀ ਖੁਰਾਕ ਸਰੀਰ ਦੀਆਂ ਜ਼ਰੂਰਤਾਂ ਹਨ

**-ਡਾ ਦਲੇਰ ਸਿੰਘ ਮੁਲਤਾਨੀ, ਸਿਵਲ ਸਰਜਨ ( ਰਿਟਾ )**

# ਖੱਟੀਆਂ ਮਿੱਠੀਆਂ ਯਾਦਾਂ ਵੰਡਦੀ, ਗੁਰੂ ਕਾਸ਼ੀ ਯੂਨੀਵਰਸਿਟੀ ਦੀ "ਅਲੂਮਨੀ ਮੀਟ" ਸੰਪੰਨ

ਤਲਵੰਡੀ ਸਾਬੋ, 11 ਨਵੰਬਰ (ਗੁਰਜੰਟ ਸਿੰਘ ਨਥੇਹਾ)- ਇੱਕ ਦੂਜੇ ਦਾ ਸਹਿਯੋਗ, ਜ਼ਿੰਦਗੀ ਦੇ ਤਜ਼ੁਰਬੇ, ਖੱਟੀਆਂ ਮਿੱਠੀਆਂ ਯਾਦਾਂ ਤੇ ਭਵਿੱਖ ਦੇ ਸੰਘਰਸ਼ ਦੀਆਂ ਕਹਾਣੀਆਂ ਸਾਂਝੀਆਂ ਅਤੇ ਚੇਤੇ ਕਰਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਕਾਰਜਕਾਰੀ ਵਾਈਸ ਚਾਂਸਲਰ ਪ੍ਰੋ. (ਡਾ.) ਪੀਯੂਸ਼ ਵਰਮਾ ਦੀ ਰਹਿਨੁਮਾਈ ਤੇ ਪ੍ਰਧਾਨਗੀ ਹੇਠ "ਅਲੂਮਨੀ ਮੀਟ" (ਪੁਰਾਣੇ ਵਿਦਿਆਰਥੀਆਂ ਦੀ ਮਿਲਣੀ) ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਕਰਨ ਕਾਂਸਲ, ਡਾਇਰੈਕਟਰ ਮਹਾਂਸ਼ਕਤੀ ਐਨਰਜ਼ੀ ਲਿਮਿਟੇਡ ਨੇ ਬਤੌਰ ਮੁੱਖ ਮਹਿਮਾਨ ਤੇ ਅਜੈ ਕਾਂਸਲ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰਾਂ ਅਤੇ ਲਗਭਗ 400 ਪੁਰਾਣੇ ਵਿਦਿਆਰਥੀ ਹਾਜ਼ਰ ਹੋਏ।ਮੁੱਖ ਮਹਿਮਾਨ ਕਾਂਸਲ ਨੇ ਵਿਦਿਆਰਥੀ ਜੀਵਨ ਦੇ ਸੰਘਰਸ਼ ਨੂੰ ਜ਼ਿੰਦਗੀ ਦਾ ਮਹੱਤਵਪੂਰਨ ਹਿੱਸਾ ਦੱਸਦੇ ਹੋਏ ਕਿਹਾ ਕਿ ਵਿਦਿਅਕ ਅਦਾਰੇ ਹਮੇਸ਼ਾ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਰਾਹ ਦੱਸੇਰੇ ਦਾ ਕੰਮ ਕਰਦੇ ਹਨ। ਉਨ੍ਹਾਂ ਪੁਰਾਣੇ ਵਿਦਿਆਰਥੀਆਂ ਨੂੰ ਆਪਣੇ ਸੰਘਰਸ਼ ਦੀਆਂ ਕਹਾਣੀਆਂ ਅਤੇ ਸਫ਼ਲਤਾ ਦੇ ਨੁਕਤੇ ਨਵੇਂ ਵਿਦਿਆਰਥੀਆਂ ਨਾਲ ਸਾਂਝੇ ਕਰਨ ਦੀ ਸਲਾਹ ਦਿੱਤੀ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਵਰਮਾ ਨੇ ਕਿਹਾ ਕਿ ਪੁਰਾਣੇ ਵਿਦਿਆਰਥੀਆਂ ਦੇ ਸਹਿਯੋਗ ਅਤੇ ਉਨ੍ਹਾਂ ਦੇ ਤਜੁਰਬਿਆਂ ਰਾਹੀਂ ਨਵੇਂ ਵਿਦਿਆਰਥੀ ਆਪਣੇ ਭਵਿੱਖ ਦੇ ਸਫ਼ਰ ਨੂੰ ਆਰਾਮਦਾਇਕ ਅਤੇ ਖੁਸ਼ਹਾਲ ਬਣਾ ਸਕਦੇ ਹਨ। ਵਿੱਦਿਅਕ ਜੀਵਨ ਦੀ ਮਹੱਤਤਾ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਮਾਂ-ਬਾਪ ਅਤੇ ਵਿੱਦਿਅਕ ਅਦਾਰਿਆਂ ਦਾ ਨਾਂ ਜੀਵਨਭਰ ਵਿਅਕਤੀ ਦੇ ਨਾਲ ਰਹਿੰਦਾ ਹੈ।ਉਨ੍ਹਾਂ ਪੁਰਾਣੇ ਵਿਦਿਆਰਥੀਆਂ ਨੂੰ 'ਵਰਸਿਟੀ ਦਾ ਰਾਜਦੂਤ ਦੱਸਦੇ ਹੋਏ ਨਵੇਂ ਵਿਦਿਆਰਥੀਆਂ ਦੇ ਮਾਰਗ ਦਰਸ਼ਨ ਅਤੇ ਸ੍ਵੈ-ਉਦਯੋਗ ਸਥਾਪਿਤ ਕਰਨ ਲਈ ਮਿਲਵਰਤਣ ਤੇ ਸਹਿਯੋਗ ਦੀ ਅਪੀਲ ਕੀਤੀ। ਡੀਨ ਅਕਾਦਮਿਕ, ਡਾ. ਅਮਿਤ ਟੁਟੇਜਾ ਨੇ ਪੁਰਾਣੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਆਪਣੇ ਤੌਰ 'ਤੇ ਇਸ ਤਰ੍ਹਾਂ ਦੇ ਸਮਾਰੋਹ ਆਯੋਜਿਤ ਕਰਨ ਦਾ ਮਸ਼ਵਰਾ ਦਿੱਤਾ ਅਤੇ ਹਰ ਤਰ੍ਹਾਂ ਦੇ ਸਹਿਯੋਗ ਦੇ ਵਾਅਦੇ ਨੂੰ ਦੋਹਰਾਇਆ। ਇਸ ਮੌਕੇ ਡਾਇਰੈਕਟਰ ਆਈ.ਕਿਉ.ਏ.ਸੀ., ਡਾ. ਅਸ਼ਵਨੀ ਸੇਠੀ ਨੇ ਕਿਹਾ ਕਿ ਵਰਸਿਟੀ ਵੱਲੋਂ ਉਦਯੋਗਿਕ ਅਦਾਰਿਆਂ ਦਾ ਸਹਿਯੋਗ ਬਹੁਮੁੱਲਾ ਅਤੇ ਲੋੜੀਂਦਾ ਹੈ। ਉਨ੍ਹਾਂ ਵਰਸਿਟੀ ਦੇ ਵਿਦਿਆਰਥੀਆਂ ਦੀ ਉੱਚ ਉਦਯੋਗਿਕ ਅਦਾਰਿਆਂ ਵਿੱਚ ਹੋਈ ਪਲੇਸਮੈਂਟ ਲਈ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਸਵੈ-ਉਦਯੋਗ ਸਥਾਪਿਤ ਕਰਨ ਲਈ ਪ੍ਰੇਰਿਤ ਕੀਤਾ।ਕੁਆਰਡੀਨੇਟਰ ਡਾ. ਅਰਪਨਾ ਬਾਂਸਲ ਅਤੇ ਕੋ-ਕੁਆਰਡੀਨੇਟਰ ਡਾ. ਵਿਕਾਸ ਗੁਪਤਾ ਨੇ ਵਿਦਿਆਰਥੀਆਂ ਨੂੰ ਉਜਵਲ ਭਵਿੱਖ ਦੀਆਂ ਸ਼ੁਭ ਕਾਮਨਾਵਾਂ ਭੇਂਟ ਕੀਤੀਆਂ ਤੇ ਪੁਰਾਣੇ ਵਿਦਿਆਰਥੀਆਂ ਵੱਲੋਂ ਕੀਤੀਆਂ ਗਈਆਂ ਪ੍ਰਾਪਤੀਆਂ ਅਤੇ ਹਾਸਿਲ ਕੀਤੇ ਗਏ ਉੱਚ ਰੁਤਬਿਆਂ ਲਈ ਸਭਨਾਂ ਨੂੰ ਵਧਾਈ ਦਿੱਤੀ। ਇਸ ਮੌਕੇ ਮੁੱਖ ਮਹਿਮਾਨ ਅਤੇ ਵਿਦਿਆਰਥੀਆਂ ਨੂੰ 'ਵਰਸਿਟੀ ਵੱਲੋਂ ਸਨਮਾਨਿਤ ਕੀਤਾ ਗਿਆ।ਸਮਾਰੋਹ ਵਿੱਚ ਭਾਰਤ ਦੇ ਵੱਖ-ਵੱਖ ਰਾਜਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਸੱਭਿਆਚਾਰਕ ਪ੍ਰੋਗਰਾਮ ਮਹਿਮਾਨਾਂ ਦੀ ਖਿੱਚ ਦਾ ਕੇਂਦਰ ਰਿਹਾ ਅਤੇ ਪੰਜਾਬੀ ਲੋਕ ਨਾਚ ਭੰਗੜੇ ਤੇ ਗਿੱਧੇ ਨੇ ਮਹਿਮਾਨਾਂ ਦੀ ਖੂਬ ਸ਼ਲਾਘਾ ਖੱਟੀ। ਪੁਰਾਣੇ ਵਿਦਿਆਰਥੀਆਂ ਨੇ 'ਵਰਸਿਟੀ ਵਿੱਚ ਗੁਜਾਰੇ ਗਏ ਵਿਦਿਆਰਥੀ ਜੀਵਨ ਨੂੰ ਜ਼ਿੰਦਗੀ ਦਾ ਬਹੁਮੁੱਲਾ ਸਰਮਾਇਆ ਦੱਸਿਆ ਅਤੇ ਆਪਸੀ ਸਹਿਯੋਗ ਦਾ ਪ੍ਰਣ ਲਿਆ।



ਆਵਾਜ਼ਿ ਕੌਮ AWAZE QAUM International Newspaper & WEB TV

# FOUNDER OF SIKH RELIGION - GURU NANAK CELEBRATIONS IN LEICESTER UK

## POETS FROM ACROSS THE MIDLANDS TO SING PRAISES OF GURU NANAK

## TRUTH IS HIGH: BUT HIGHER STILL IS HIGHER LIVING-GURU NANAK



**Gurdwara** Shri Guru Dashmesh Sahib and Punjabi Listeners Club are organising Guru Nanak Gurourb{Birthday} celebrations when prominent members of the Sikh and Punjabi community from across the Midlands are converging to the place of worship in Gipsy Lane, Leicester on Sunday 24th November to sing the praises of Guru Nanak.

Guru Nanak was the founder of the Sikh religion. He was the first of ten Born Sikh Gurus. Born at Rai Bhoi Ki Talwandi in India in 1469 which is now known as Nanakana Sahib and is in Pakistan after the partition of 1947. His father Sri Kalyan Das was a very important officer of the village. Married to Sulakhni Ji, Guru ji had two sons Baba Sri Chand who lived till the sixth Guru and Baba Lakhmi Das.

Guru Nanak's elder sister was called Bebe Nanki, he established the city of Kartarpur {House of God} on the shore of river Ravi. There are 947 poetic Hymns of Guru Nanak registered in the Sikh scripture Sri Guru Granth Sahib containing 1430 Angs {pages} which starts with the writings of Guru Nanak. He was a spiritual teacher and poet who travelled far and wide across Asia on foot teaching people the message of God who dwells in every one of his creations and constitutes the eternal truth.

In celebrations of the life and teachings of Guru Nanak,poets from the West Midlands taking part include Harbans Singh Jandu Littranwalay, Giani Ravinderpal Singh, Gurdev Singh Matharu and Sukhminder Singh Brar.Poets from East Midlands participating are Giani MalookSinghDoshi{Head Priest at Guru Teg Bahadur Gurdwara}, the singing ambulance man Kuldip Singh Bhamra QAM, Ram Singh Pharwala and singing policeman Kulbinder Singh Rai.

Well known Punjabi authors Amarjit Singh Tari Bidipuria, from Derbyshire, Tarlochan Singh Chan Jandalvi from Wolverhampton and Bhai Avtar Singh from Leicestershire will all be coming to the multi-cultural city of Leicester.

Special guests attending the 555th Guru Nanak Birthday celebrations include Jaspal Singh Kang of Sikh Federation UK, British Heart Foundation ambassador Sulakhan Singh Dard BEM and Sukhdev Singh Atwal Sokha Udopuriafrom Derbyshire of DEV3K Appreciation Society who was one of the best-known poets of India.

'Guru Nanak descended on Earth to guide the people who had been facing social, economic and religious persecution at the hands of tyrant rulers and the priestly class. People were steeped in hypocritical cultural and religious practices. Caste based hierarchy, gender violence and subjugation of the poor, the downtrodden and the marginalised sections of the society had created schismatic situation in the Indian society.

Guru Nanak spread the light of enlightenment and create a just and an egalitarian society where the inhabitants could live with honour and dignity. He was particularly enamoured of the social status of women and spread the message of human and women rights in the most regressive period of the human civilization{Guru Nanak and his teachings for humanity by Dr.Harshinder Kaur and Dr. Gurpal Singh, 2019, Satvic Books}

There will also be colouring competition for girls and boys. Everyone is welcome to the event where refreshments and vegetarian food will be provided. As usual at Punjabi Listeners Club's events, a donation will be made to a UK registered charity. So many are looking forward to learning about the teachings of Guru Nanak and get blessings.

One of the organisers Gurnam Singh Rupowal , who has served the local Sikh community of Leicestershire for decades said " We are delighted that so many well-known educated members of the Sikh community have confirmed their attendance for which we are very grateful. Since it was formed on the 3rd anniversary of BBC Radio Leicester's Punjabi Programme,the Punjabi Listeners Club has been promoting Punjabi Language and Sikh religion through organising Turban tying completions, Punjabi writing competition, trips to National Sikh Museum and celebrating International Mother Language Day since 2016.

This year's Guru Nanak Gurpurb is being celebrated in a unique way when various authors and poets from East and West Midlands will be taking part. We also delighted that Universities from around the world are sending messages for the celebrations, Punjab Agricultural University, Ludhiana, India have already done so."

**REPORT: TARLOCHAN SINGH VIRK**

# ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਲੋੜਵੰਦ ਪਰਿਵਾਰਾਂ, ਵਿਧਵਾਵਾਂ, ਬੇਸਹਾਰਾ ਤੇ ਗਰੀਬਾਂ ਨੂੰ ਵੰਡਿਆ ਰਾਸ਼ਨ



ਫ਼ਿਰੋਜ਼ਪੁਰ, 11 ਨਵੰਬਰ (ਮਨੋਹਰ ਲਾਲ) :— ਟਰੱਸਟ ਸਦਾਵਰਤ ਪੰਚਾਇਤੀ ਰਜਿ: ਵੱਲੋਂ 101 ਗਰੀਬ ਲੋੜਵੰਦ ਪਰਿਵਾਰਾਂ ਅਤੇ ਵਿਧਵਾ, ਬੇਸਹਾਰਾ ਲੋਕਾਂ ਨੂੰ ਰਾਸ਼ਨ ਵੰਡਿਆ। ਇਸ ਮੌਕੇ ਤੇ ਟਰੱਸਟ ਸਦਾਵਰਤ ਪੰਚਾਇਤੀ ਰਜਿ: ਦੇ ਮੈਂਬਰ ਅਤੇ ਅਹੁਦੇਦਾਰ ਹਾਜ਼ਰ ਹੋਏ, ਜਿਨ੍ਹਾਂ ਵਿਚ ਸ੍ਰੀ ਪੀ.ਸੀ ਕੁਮਾਰ, ਅਸ਼ਵਨੀ ਮੌਂਗਾ, ਓਮ ਪ੍ਰਕਾਸ਼ ਕੈਸ਼ੀਅਰ, ਡੀ.ਕੇ ਬਜਾਜ, ਰਜਨੀਸ਼ ਕਪੂਰ ਅਤੇ ਮਦਨ ਲਾਲ ਹਾਜ਼ਰ ਹੋਏ। ਇਸ ਮੌਕੇ ਤੇ ਸਭ ਤੋਂ ਪਹਿਲਾਂ ਭਗਵਾਨ, ਵਾਹਿਗੁਰੂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਜਿਨ੍ਹਾਂ ਦੀ ਬਦੌਲਤ ਇਹ ਟਰੱਸਟ ਸਦਾਵਰਤ ਪੰਚਾਇਤੀ ਬਨਾਇਆ ਹੈ, ਉਨ੍ਹਾਂ ਜੀਵਾਂ ਨੂੰ ਪ੍ਰਮਾਤਮਾ ਸਵਰਗਾਂ ਵਿਚ ਵਾਸਾ ਕਰੇ। ਇਸ ਮੌਕੇ ਤੇ ਟਰੱਸਟ ਸਦਾਵਰਤ ਪੰਚਾਇਤੀ ਰਜਿ: ਦੇ ਪ੍ਰਧਾਨ ਸ੍ਰੀ ਪੀ.ਸੀ ਕੁਮਾਰ ਨੇ ਬੋਲਦਿਆਂ ਕਿਹਾ ਕਿ ਇਹ ਟਰੱਸਟ 1914 ਵਿਚ ਜਦੋਂ ਅਕਾਲ ਪਿਆ ਸੀ ਅਤੇ ਲੋਕ ਭੁੱਖ ਨਾਲ ਮਰਰ ਹੇ ਸੀ ਤਾਂ ਕੁਝ ਦਾਨੀ ਸੱਜਣਾਂ ਨੇ ਆਪਣੀਆਂ ਜਾਇਦਾਦਾਂ ਵੇਚ ਕੇ ਇਹ ਟਰੱਸਟ ਬਣਾਇਆ ਅਤੇ ਉਦੋਂ ਤੋਂ ਲੈ ਕੇ ਅੱਜ ਤੱਕ ਇਹ ਟਰੱਸਟ ਲੋਕ ਭਲਾਈ ਦੇ ਕੰਮਾਂ ਵਿਚ ਹਮੇਸ਼ਾ ਮੂਹਰਲੀ ਕਤਾਰ ਵਿਚ ਰਹਿੰਦਾ ਹੈ। ਭਾਵੇਂ ਕਿ ਗਊਸ਼ਾਲਾ ਵਿਚ ਗਊਆਂ ਦੀ ਸਾਂਭ—ਸੰਭਾਲ, ਸਮਸ਼ਾਨਘਾਟ ਵਿਚ ਸ਼ੈਡ ਬਣਾ ਕੇ ਦੇਣੇ, ਲੋੜਵੰਦ ਮਰੀਜਾਂ ਨੂੰ ਦਵਾਈਆਂ ਦੇਣੀਆਂ, ਗਰੀਬਾਂ ਨੂੰ ਗਰਮ ਕਪੜੇ ਆਦਿ ਦੇਣ ਤੋਂ ਇਲਾਵਾ ਹੋਰ ਵੀ ਲੋਕ ਭਲਾਈ ਦੇ ਕੰਮਾਂ ਵਿਚ ਹਮੇਸ਼ਾ ਮੁਹਰਲੀ ਕਤਾਰ ਵਿਚ ਰਹਿੰਦਾ ਹੈ। ਇਸ ਮੌਕੇ ਤੇ ਸ੍ਰੀ ਅਸ਼ਵਨੀ ਮੌਂਗਾ ਨੇ ਬੋਲਦਿਆਂ ਕਿਹਾ ਕਿ ਸਾਡੀ ਸੰਸਥਾ ਹਰ ਲੋੜਵੰਦਾਂ ਦੀ ਮੱਦਦ ਕਰਦੀ ਹੈ। ਇਸ ਮੌਕੇ ਤੇ ਸ੍ਰੀ ਓਮ ਪ੍ਰਕਾਸ਼ ਕੈਸੀਅਰ ਨੇ ਬੋਲਦਿਆਂ ਕਿਹਾ ਕਿ ਸਾਨੂੰ ਲੋਕ ਭਲਾਈ ਦੇ ਨਾਲ—ਨਾਲ ਗਊਆਂ ਦੀ ਸਾਂਭ—ਸੰਭਾਲ ਵਿਚ ਵੀ ਯੋਗਦਾਨ ਪਾਉਣਾ ਚਾਹੀਦਾ ਹੈ, ਕਿਉਂਕਿ ਅੱਜ ਗਊਆਂ ਰੁਲ ਰਹੀਆਂ ਹਨ, ਸਰਕਾਰ ਨੂੰ ਚਾਹੀਦਾ ਹੈ ਕਿ ਇਨ੍ਹਾਂ ਗਊਆਂ ਦੀ ਸਾਂਭ—ਸੰਭਾਲ ਕਰਨੀ ਚਾਹੀਦੀ ਹੈ, ਜਦੋਂ ਕਿ ਸਰਕਾਰ ਗਊ ਸੈਸ ਟੈਕਸ ਲੈ ਰਹੀ ਹੈ। ਇਸ ਮੌਕੇ ਤੇ ਸ੍ਰੀ ਰਜਨੀਸ਼ ਕਪੂਰ ਰਿਟਾਇਰਡ ਮੈਨੇਜਰ ਨੇ ਬੋਲਦਿਆਂ ਕਿਹਾ ਕਿ ਸਾਨੂੰ ਆਪਣੀ ਕੀਰਤ ਕਮਾਈ ਵਿਚ ਦਸਵੰਧ ਕੱਢ ਕੇ ਇਨ੍ਹਾਂ ਲੋੜਵੰਦਾਂ ਦੀ ਮੱਦਦ ਕਰਨੀ ਚਾਹੀਦੀ ਹੈ ਤਾਂ ਜ਼ੋ ਕੋਈ ਵੀ ਭੁੱਖੇ ਪੇਟ ਨਾ ਸੋਵੇ। ਇਸ ਦੇ ਨਾਲ ਹੀ ਜੇਕਰ ਤੁਹਾਡੇ ਕੋਲ ਕੋਈ ਗੁਜਾਇਸ਼ ਹੋਵੇ ਤਾਂ ਗਰੀਬ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਦੀ ਫੀਸ ਦੇਣੀ ਚਾਹੀਦੀ ਹੈ ਜ਼ੋ ਕਿ ਮੈਂ ਚਾਰ ਬੱਚਿਆਂ ਦੀ ਕਾਫੀ ਸਾਲਾਂ ਤੋਂ ਸਿੱਖ ਕੰਨਿਆ ਮਹਾਂ ਵਿਦਿਆਲੇ ਵਿਚ ਦੇ ਰਿਹਾ ਹਾਂ। ਇਸ ਮੌਕੇ ਤੇ 101 ਗਰੀਬ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ।

# ਹਰਭਜਨ ਸਿੰਘ ਦੜਿਆਲਾ ਨੂੰ ਸਦਮਾ-ਸੱਸ ਦਾ ਹੋਇਆ ਦਿਹਾਂਤ



ਫ਼ਿਰੋਜ਼ਪੁਰ, 11 ਨਵੰਬਰ (ਮਨੋਹਰ ਲਾਲ) :— ਉੱਘੇ ਸਮਾਜ ਸੇਵਕ ਹਰਭਜਨ ਸਿੰਘ ਦੜਿਆਲਾ ਜ਼ਿਲਾ ਪ੍ਰਧਾਨ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਨੂੰ ਸਦਮਾ ਸੱਸ ਦਾ ਦਿਹਾਂਤ। ਮਾਤਾ ਸਵਰਨ ਕੌਰ ਪਤਨੀ ਕਸ਼ਮੀਰ ਸਿੰਘ ਸੱਗੂ ਫ਼ੌਜੀ ਆਰੇ ਵਾਲੇ ਪਿੰਡ ਕੋਟ ਭਾਈ ਜੋ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ ਮਾਤਾ ਸਵਰਨ ਕੌਰ ਜੀ ਬਹੁਤ ਵੱਡੇ ਪਰਿਵਾਰ ਨਾਲ ਸਬੰਧਤ ਸਨ ਨੌਂ ਭੈਣਾਂ ਸਨ ਸਾਰਾ ਪਰਿਵਾਰ ਬਹੁਤ ਮਿੱਠੜੇ ਸੁਭਾਅ ਦਾ ਮਾਲਕ ਸੀ ਮਾਤਾ ਜੀ ਜਿੱਥੇ ਗੁਰਬਾਣੀ ਵਿੱਚ ਲੀਨ ਰਹਿੰਦੇ ਸਨ ਉਥੇ ਉਨ੍ਹਾਂ ਨੂੰ ਗਰੀਬਾਂ ਦੀ ਸੇਵਾ ਕਰਨ ਦੀ ਬਹੁਤ ਲਗਣ ਸੀ ਕੋਈ ਵੀ ਰਿਸ਼ਤੇਦਾਰ ਲੋੜਵੰਦ ਹੋਣਾ ਉਨ੍ਹਾਂ ਉਸ ਦੀ ਜਿੰਨੀ ਹੋਣੀ ਵੱਧ ਤੋਂ ਵੱਧ ਮੱਦਦ ਕਰਨੀ ਪਰਮਾਤਮਾ ਦਾ ਸ਼ੁਕਰਾਨਾ ਕਰਨਾ ਵਾਹਿਗੁਰੂ ਜੀ ਤੁਸੀਂ ਮੈਨੂੰ ਇੰਨੇਂ ਜੋਗਾ ਕੀਤਾ। ਮਾਤਾ ਜੀ ਦੀਆਂ ਦੋ ਧੀਆਂ ਅਤੇ ਦੋ ਪੁੱਤਰ ਸਨ ਸਭ ਤੋਂ ਵੱਡੀ ਧੀ ਪਰਮਜੀਤ ਕੌਰ, ਗੁਰਮੀਤ ਕੌਰ ਪੁੱਤਰ ਗੁਰਦੀਪ ਸਿੰਘ, ਸੁਖਵਿੰਦਰ ਸਿੰਘ ਪੂਰੇ ਪਰਿਵਾਰ ਦਾ ਜੀਵਨ ਬਹੁਤ ਸੰਘਰਸ਼ਮਈ ਔਖੇ ਸਮੇਂ ਵਿਚ ਵੀ ਮਾਤਾ ਨੇ ਕਦੇ ਵੀ ਰੱਬ ਨੂੰ ਗਿਲਾ ਨਹੀਂ ਕੀਤਾ, ਉਸ ਦਾ ਸ਼ੁਕਰਾਨਾ ਕੀਤਾ, ਉਸ ਦਾ ਸਿਮਰਨ ਕੀਤਾ। ਮਾਤਾ ਜੀ ਨੇ ਆਪਣੇ ਬੱਚਿਆਂ ਨੂੰ ਹਮੇਸ਼ਾਂ ਸੱਚ ਦੀ ਕਿਰਤ ਕਰਨ ਲਈ ਪ੍ਰੇਰਿਤ ਕੀਤਾ ਜਿਸ ਦਾ ਨਤੀਜਾ ਅੱਜ ਪਰਿਵਾਰ ਦੇ ਦੋ ਆਰੇ ਅਤੇ ਹੋਰ ਕਾਰੋਬਾਰ ਬਹੁਤ ਵਧੀਆ ਚੱਲ ਰਹੇ ਹਨ। ਮਾਤਾ ਜੀ ਦੇ ਅਚਾਨਕ ਦਿਹਾਂਤ ਕਰਕੇ ਪੂਰੇ ਇਲਾਕੇ ਵਿਚ ਅਤੇ ਸਾਕ ਸਬੰਧੀਆਂ ਵਿਚ ਸੋਗ ਦੀ ਲਹਿਰ ਦੌੜ ਗਈ। ਇਸ ਮੌਕੇ ਹਰਭਜਨ ਸਿੰਘ ਦੜਿਆਲਾ ਨਾਲ ਵੱਖ—ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਅਤੇ ਧਾਰਮਿਕ ਸ਼ਖ਼ਸੀਅਤਾਂ ਨੇ ਦੁੱਖ਼ ਦਾ ਪ੍ਰਗਟਾਵਾ ਕੀਤਾ। ਮਾਤਾ ਸਵਰਨ ਕੌਰ ਜੀ ਚਾਰ ਨਵੰਬਰ ਨੂੰ ਸਦੀਵੀ ਵਿਛੋੜਾ ਦੇ ਗਏ ਇਨ੍ਹਾਂ ਦੀ ਅੰਤਿਮ ਅਰਦਾਸ 12 ਨਵੰਬਰ ਮਹਾਰਾਜਾ ਅਗਰ ਸੈਨ ਧਰਮਸ਼ਾਲਾ ਭਾਰੂ ਚੌਂਕ ਗਿੱਦੜਬਾਹਾ ਵਿਖੇ 12 ਤੋਂ 1 ਵਜੇ ਕੀਤੀ ਜਾਵੇਗੀ।





ਜਨਮ ਦਿਨ ਮੁਬਾਰਕ

**ਗੁਰਸੇਵਕ ਸਿੰਘ**

ਪਿਤਾ :- ਫੁੱਲਜੀਤ ਸਿੰਘ ਵਰਪਾਲ

ਮਾਤਾ :- ਬਲਜਿੰਦਰ ਕੌਰ ਵਾਸੀ ਅਮ੍ਰਿਤਸਰ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਜਥੇਦਾਰ ਜਗਤਾਰ ਸਿੰਘ ਹਵਾਰਾ ਨੇ 11-11-2011 ਨੂੰ

# ਨਿਸ਼ਾਂਤ ਸ਼ਰਮਾ ਦੇ ਜੜ੍ਹਿਆ ਸੀ ਥੱਪੜ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ






**ਅੰਮ੍ਰਿਤਸਰ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ 11 ਨਵੰਬਰ 2011 ਦਾ ਦਿਨ ਯਾਦ ਕਰਵਾਉਂਦਿਆਂ ਦੱਸਿਆ ਕਿ ਇਸ ਦਿਨ ਖ਼ਾਲਿਸਤਾਨੀ ਜਰਨੈਲ ਭਾਈ ਜਗਤਾਰ ਸਿੰਘ ਹਵਾਰਾ ਨੇ ਚੰਡੀਗੜ੍ਹ ਦੀ ਕਚਹਿਰੀ ਵਿੱਚ ਹੱਥਕੜੀ ਵਿੱਚ ਜਕੜੇ ਹੋਣ ਦੇ ਬਾਵਜੂਦ ਹਮਲਾਵਰ ਫਿਰਕੂ ਹਿੰਦੁਤਵੀ ਨਿਸ਼ਾਂਤ ਸ਼ਰਮਾ ਦੇ ਕਰਾਰਾ ਥੱਪੜ ਮਾਰ ਕੇ ਸ਼ਾਨਾਮੱਤਾ ਇਤਿਹਾਸ ਸਿਰਜਿਆ ਸੀ ਅਤੇ ਉਸ ਦਿਨ ਪੁਲਿਸ ਹਿਰਾਸਤ ਵਿੱਚ ਹੋਣ ਦੇ ਬਾਵਜੂਦ ਜੁਝਾਰੂ ਜਰਨੈਲ ਭਾਈ ਜਗਤਾਰ ਸਿੰਘ ਹਵਾਰਾ ਤੇ ਭਾਈ ਪਰਮਜੀਤ ਸਿੰਘ ਭਿਓਰਾ ਨੇ ਖ਼ਾਲਿਸਤਾਨ ਜ਼ਿੰਦਾਬਾਦ ਅਤੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਜ਼ਿੰਦਾਬਾਦ ਦੇ ਨਾਅਰੇ ਲਾ ਕੇ ਆਕਾਸ਼ ਗੂੰਜਣ ਲਾ ਦਿੱਤਾ ਸੀ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਉਹਨਾਂ ਦੇ ਭੁਝੰਗੀਆਂ ਗੁਰਪੰਥ ਪ੍ਰਥਮ ਸਿੰਘ ਅਤੇ ਗੁਰਬਾਜ਼ ਸਿੰਘ ਨੇ ਸੰਨ 2011 ਦੀਆਂ ਅਖ਼ਬਾਰਾਂ ਵੀ ਦਿਖਾਈਆਂ। ਭਾਈ ਰਣਜੀਤ ਸਿੰਘ ਨੇ ਦੱਸਿਆ ਕਿ ਉਸ ਦਿਨ ਭਾਈ ਜਗਤਾਰ ਸਿੰਘ ਹਵਾਰਾ ਤੇ ਭਾਈ ਪਰਮਜੀਤ ਸਿੰਘ ਭਿਓਰਾ ਦੀ ਬੁੜੈਲ ਜੇਲ੍ਹ ਤੋੜ ਕੇ ਫਰਾਰ ਹੋਣ ਦੇ ਮਾਮਲੇ ਦੀ ਸੁਣਵਾਈ ਲਈ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਕੰਪਲੈਕਸ ਸੈਕਟਰ 17 ਵਿੱਚ ਪੇਸ਼ੀ ਸੀ, ਦਿੱਲੀ ਪੁਲਿਸ ਭਾਈ ਹਵਾਰਾ ਨੂੰ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਚੀਫ ਜੁਡੀਸ਼ੀਅਲ ਮੈਜਿਸਟਰੇਟ ਜੇ ਐਸ ਸਿੱਧੂ ਦੀ ਅਦਾਲਤ ਵਿੱਚ ਪੇਸ਼ ਕਰਨ ਲਈ ਲਿਆਈ ਸੀ ਤੇ ਓਦੋਂ ਹੀ ਆਲ ਇੰਡੀਆ ਹਿੰਦੂ ਸੁਰੱਖਿਆ ਸੰਮਤੀ ਦੇ ਕੁਝ ਗੁੰਡਿਆਂ ਨੇ ਭਾਈ ਜਗਤਾਰ ਸਿੰਘ ਹਵਾਰਾ ਉੱਤੇ ਹਮਲਾ ਕਰਕੇ ਉਹਨਾਂ ਦੀ ਦਸਤਾਰ ਉਤਾਰਨ ਦੀ ਸਾਜਿਸ਼ ਰਚੀ ਸੀ ਪਰ ਜਦੋਂ ਨਿਸ਼ਾਂਤ ਸ਼ਰਮਾ ਇੱਕਦਮ ਅੱਗੇ ਵਧਿਆ ਤਾਂ ਭਾਈ ਜਗਤਾਰ ਸਿੰਘ ਹਵਾਰਾ ਉਸ ਉਪਰ ਬਾਜ਼ ਵਾਂਗ ਝਪਟ ਪਏ ਤੇ ਉਸ ਨੂੰ ਥੱਪੜ ਮਾਰ ਕੇ ਪਰ੍ਹੇ ਵਗਾ ਕੇ ਸੁੱਟਿਆ। ਨਿਸ਼ਾਂਤ ਸ਼ਰਮਾ ਨੇ ਭਾਈ ਹਵਾਰੇ ਨੂੰ ਧੱਕਾ ਮਾਰਦਿਆਂ ਛਾਤੀ 'ਚ ਸਿਰ ਮਾਰਿਆ ਸੀ ਤੇ ਅੱਗੋਂ ਤੁਰੰਤ ਹੀ ਬੜੀ ਫੁਰਤੀ ਨਾਲ ਖ਼ਾਲਿਸਤਾਨੀ ਜਰਨੈਲ ਭਾਈ ਹਵਾਰਾ ਨੇ ਨਿਸ਼ਾਂਤ ਨੂੰ ਮੂੰਹ ਤੋੜਵਾਂ ਜਵਾਬ ਦਿੰਦਿਆਂ ਉਸ ਦੇ ਬਹੁਤ ਜ਼ੋਰ ਨਾਲ ਘਸੁੰਨ ਜੜ੍ਹ ਦਿੱਤਾ ਸੀ ਜਿਸ ਨੂੰ ਦੇਖ ਕੇ ਫ਼ਿਰਕੂ ਹਿੰਦੂਤਵੀਆਂ ਸ਼ਿਵ ਸੈਨਾ ਵਿੱਚ ਭਗਦੜ ਮੱਚ ਗਈ ਤੇ ਪੁਲਿਸ ਵੀ ਹੱਕੀ ਬੱਕੀ ਰਹਿ ਗਈ। ਫਿਰ ਪੁਲਿਸ ਨੇ ਨਿਸ਼ਾਂਤ ਸ਼ਰਮਾ ਨੂੰ ਹਿਰਾਸਤ ਵਿੱਚ ਲੈ ਲਿਆ ਤੇ ਸੈਕਟਰ 17 ਥਾਣੇ ਵਿੱਚ ਪਰਚਾ ਦਰਜ ਕਰ ਦਿੱਤਾ ਉਸ ਨਾਲ ਰਮੇਸ਼ ਕੁਮਾਰ, ਆਸ਼ੂਤੋਸ਼ ਤੇ ਮਨੀਸ਼ ਸੂਦ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਸੀ। ਉਸ ਦਿਨ ਭਾਈ ਹਵਾਰਾ ਨੇ ਕਿਹਾ ਜੇ ਕਿਸੇ ਵਿੱਚ ਦਮ ਹੈ ਤਾਂ ਉਹ ਪਹਿਲਾਂ ਚੁਣੌਤੀ ਦੇ ਕੇ ਸਮਾਂ ਮਿੱਥ ਕੇ ਆਉਣ ਤੇ ਉਹ ਵਿਰੋਧੀਆਂ ਨੂੰ ਡਟਵਾਂ ਜਵਾਬ ਦੇ ਕੇ ਭਜਾ ਦੇਣਗੇ। ਭਾਈ ਹਵਾਰਾ ਦੇ ਇਸ ਐਕਸ਼ਨ ਕਾਰਨ ਖ਼ਾਲਸਾ ਪੰਥ ਵਿੱਚ ਖੁਸ਼ੀ ਦੀ ਲਹਿਰ ਦੌੜ ਪਈ ਤੇ ਸਿੱਖਾਂ ਦਾ ਮਨੋਬਲ ਹੋਰ ਵੀ ਉੱਚਾ ਹੋ ਗਿਆ ਤੇ ਹਰ ਸਿੱਖ ਜੋਸ਼ ਨਾਲ ਭਰ ਗਿਆ। ਯੋਧਿਆਂ ਨੇ ਦੱਸ ਦਿੱਤਾ ਕਿ ਹੱਥਕੜੀ ਵਿੱਚ ਜਕੜੇ ਅਤੇ ਪੁਲਿਸ ਹਿਰਾਸਤ ਵਿੱਚ ਹੋਣ ਦੇ ਬਾਵਜੂਦ ਆਪਣੀ ਅਣਖ਼, ਇੱਜਤ, ਸਵੈਮਾਣ, ਪੰਥ, ਪੰਜਾਬ ਤੇ ਦਸਤਾਰ ਦੀ ਰਾਖੀ ਕਿਵੇਂ ਕਰਨੀ ਹੈ ਤੇ ਪੰਥ ਵਿਰੋਧੀਆਂ ਦੇ ਕਿਵੇਂ ਮੂੰਹ ਭੰਨਣੇ ਹਨ। ਰੜਕੇ ਰੜਕੇ ਰੜਕੇ, ਥੱਪੜ ਚੰਡੀਗੜ੍ਹ ਵੱਜਦੇ, ਦਿੱਲੀ ਤੱਕ ਸੁਣਦੇ ਖੜਕੇ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਹੁਣ ਹਰ ਸਾਲ 11 ਨਵੰਬਰ ਦਾ ਦਿਨ ਸਿੱਖ ਕੌਮ ਵੱਲੋਂ ਥੱਪੜ ਦਿਵਸ ਵਜੋਂ ਯਾਦ ਕੀਤਾ ਜਾਂਦਾ ਹੈ। ਭਾਈ ਜਗਤਾਰ ਸਿੰਘ ਜੀ ਹਵਾਰਾ ਨੇ 31 ਅਗਸਤ 1995 ਨੂੰ ਸਿੱਖ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲੇ ਬਣਾਉਣ ਦੇ ਦੋਸ਼ੀ ਮੁੱਖ ਮੰਤਰੀ ਬੁੱਚੜ ਬੇਅੰਤ ਸਿਹੁੰ ਨੂੰ ਚੰਡੀਗੜ੍ਹ ਬੰਬ ਧਮਾਕੇ ਵਿੱਚ ਚੀਥੜਾ-ਚੀਥੜਾ ਕਰ ਦਿੱਤਾ ਸੀ ਤੇ ਭਾਈ ਹਵਾਰਾ ਜੀ ਦੀਆਂ ਸੇਵਾਵਾਂ ਨੂੰ ਵੇਖਦਿਆਂ 10 ਨਵੰਬਰ 2015 ਨੂੰ ਉਹਨਾਂ ਨੂੰ ਸਰਬੱਤ ਖ਼ਾਲਸਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦਾ ਜਥੇਦਾਰ ਥਾਪਿਆ ਗਿਆ ਸੀ।

# ਐਕਸੀਅਨ ਟੈਕ ਵਿਰੁੱਧ ਬਿਜਲੀ ਮੁਲਾਜ਼ਮਾਂ ਲਾਇਆ ਧਰਨਾ



ਫ਼ਿਰੋਜ਼ਪੁਰ, 11 ਨਵੰਬਰ (ਮਨੋਹਰ ਲਾਲ) :— ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਵੱਲੋਂ ਇੰਜ. ਨਵਨੀਤ ਕੁਮਾਰ ਐਕਸੀਅਨ ਟੈਕ ਵੰਡ ਹਲਕਾ ਫ਼ਿਰੋਜ਼ਪੁਰ ਦੀਆਂ ਮਨਮਾਨੀਆਂ ਵਿਰੁੱਧ ਲਾਇਆ ਧਰਨਾ। ਵੰਡ ਹਲਕਾ ਦਫਤਰ ਵਿਖੇ ਲਾਏ ਧਰਨੇ ਦੌਰਾਨ ਸਟੇਜ਼ ਦੀ ਕਾਰਵਾਈ ਸੁਖਚੈਨ ਸਿੰਘ ਸਰਕਲ ਸਕੱਤਰ ਫ਼ਿਰੋਜ਼ਪੁਰ ਵੱਲੋਂ ਅਦਾ ਕੀਤੀ ਗਈ, ਜਦੋਂ ਕਿ ਧਰਨੇ ਨੂੰ ਸੰਬੋਧਨ ਕਰਦੇ ਹੋਏ ਸਰਕਲ ਪ੍ਰਧਾਨ ਅਸ਼ਵਨੀ ਕੁਮਾਰ, ਸਰਕਲ ਸਕੱਤਰ ਸੁਖਚੈਨ ਸਿੰਘ, ਸਰਕਲ ਦੇ ਮੀਤ ਪ੍ਰਧਾਨ ਤ੍ਰਿਲੋਚਨ ਸਿੰਘ, ਸ਼ਹਿਰੀ ਮੰਡਲ ਦੇ ਮੀਤ ਪ੍ਰਧਾਨ ਅਮੋਲਕ ਸਿੰਘ, ਪ੍ਰਧਾਨ ਜਗਦੇਵ ਸਿੰਘ ਸਬ ਡਵੀਜਨ ਤਲਵੰਡੀ ਭਾਈ, ਪ੍ਰਧਾਨ ਜਗਦੇਵ ਸਿੰਘ ਸਬ ਡਵੀਜਨ ਮਖੂ, ਦਿਲਬਾਗ ਸਿੰਘ ਪ੍ਰਧਾਨ ਸਬ ਡਵੀਜਨ ਕੈਂਟ ਨੰਬਰ 2, ਨੰਦ ਲਾਲ, ਰਾਜੇਸ਼ ਕੁਮਾਰ ਸਚਦੇਵਾ ਅਤੇ ਅਵਤਾਰ ਸਿੰਘ ਡਵੀਜਨ ਆਗੂ ਸਬ ਡਵੀਜਨ ਸ਼ੇਰਖਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਵਨੀਤ ਕੁਮਾਰ ਐਕਸੀਅਨ ਟੈਕ ਕਾਫੀ ਲੰਮੇ ਸਮੇਂ ਤੋਂ ਮੁਲਾਜ਼ਮਾਂ ਨੂੰ ਬਿਨ੍ਹਾਂ ਵਜ੍ਹਾ ਤੋਂ ਖੱਜਲ ਖੁਆਰ ਕਰਦਾ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਐਕਸੀਅਨ ਦੇ ਖਿਲਾਫ ਨਿਗਰਾਨ ਇੰਜੀਨੀਅਰ ਵੰਡ ਹਲਕਾ ਫ਼ਿਰੋਜ਼ਪੁਰ ਨੂੰ ਕਾਫੀ ਵਾਰ ਲਿਖਤੀ ਰੂਪ ਵਿਚ ਦਿੱਤਾ ਗਿਆ ਹੈ, ਜ਼ੋ ਇੰਜ. ਧਰਮਪਾਲ ਨਿਗਰਾਨ ਇੰਜੀਨੀਅਰ ਵੱਲੋਂ ਮੁਲਾਜ਼ਮਾਂ ਨੂੰ 22 ਅਕਤੂਬਰ ਨੂੰ ਆਪਣੇ ਦਫਤਰ ਵਿਚ ਬਿਠਾ ਕੇ ਦੋਨੋਂ ਧਿਰਾਂ ਦੀ ਗੱਲਬਾਤ ਸੁਣ ਕੇ ਸਹੀ ਫੈਸਲਾ ਲੈਂਦੇ ਹੋਏ ਆਪਸੀ ਲਿਖਤੀ ਰਾਜੀਨਾਮਾ ਕਰਵਾ ਦਿੱਤਾ ਗਿਆ ਸੀ। ਆਗੂਆਂ ਨੇ ਕਿਹਾ ਕਿ ਰਾਜੀਨਾਮਾ ਹੋਣ ਦੇ ਬਾਵਜੂਦ ਐਕਸੀਅਨ ਟੈਕ ਨਵਨੀਤ ਕੁਮਾਰ ਵੱਲੋਂ ਸਮਝੌਤੇ ਨੂੰ ਨਾ ਮਨਜ਼ੂਰ ਕਰਦੇ ਹੋਏ ਬਿਨ੍ਹਾਂ ਵਜ੍ਹਾ ਜਾਤ—ਪਾਤ ਦੇ ਚੱਕਰਾਂ ਵਿਚ ਪਾ ਕੇ ਆਮ ਮੁਲਾਜ਼ਮਾਂ ਨੂੰ ਗੁੰਮਰਾਹ ਕਰਕੇ ਵੰਡ ਹਲਕਾ ਦਫਤਰ ਫ਼ਿਰੋਜ਼ਪੁਰ ਦੇ ਚੰਗੇ ਬਣੇ ਮਾਹੌਲ ਨੂੰ ਖਰਾਬ ਕਰਨ ਦੀ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸੀ ਦੇ ਚਲਦਿਆਂ ਮਜ਼ਬੂਰ ਹੋ ਕੇ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਰਜਿਸਟਰਡ ਵੱਲੋਂ ਇਸ ਐਕਸੀਅਨ ਦੀਆਂ ਮਨਮਾਨੀਆਂ ਖਿਲਾਫ ਧਰਨਾ ਦੇਣਾ ਪਿਆ ਹੈ। ਆਗੂਆਂ ਨੇ ਦੱਸਿਆ ਕਿ ਨਵਨੀਤ ਕੁਮਾਰ ਐਕਸੀਅਨ ਵੱਲੋਂ ਮੁਲਾਜ਼ਮਾਂ ਤੇ ਲਗਾਏ ਬੇਬੁਨਿਆਦ ਇਲਜਾਮ ਮੁੰਦਰੀ ਚੋਰੀ, ਲੈਪਟੋਪ ਤੋੜਨਾ ਅਤੇ ਰਿਕਾਰਡ ਨੂੰ ਟੈਂਪਰ ਕਰਨਾ ਵਰਗਿਆਂ ਨੂੰ ਜਥੇਬੰਦੀ ਸਿਰੇ ਤੋਂ ਨਕਾਰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਐਕਸੀਅਨ ਨਵਨੀਤ ਕੁਮਾਰ ਦਾ ਇਹੀ ਵਤੀਰਾ ਰਿਹਾ ਤਾਂ ਇਸ ਦੇ ਖਿਲਾਫ ਬਿਜਲੀ ਮੁਲਾਜ਼ਮਾਂ ਵੱਲੋਂ ਵੱਡੇ ਪੱਧਰ ਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ, ਜਿਸ ਦੀ ਨਿਰੋਲ ਜਿੰਮੇਵਾਰੀ ਐਕਸੀਅਨ ਟੈਕ ਦੀ ਹੋਵੇਗੀ।

# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ 14 ਨਵੰਬਰ ਨੂੰ : ਭਾਈ ਕੁਲਦੀਪ ਸਿੰਘ ਨੰਢਾ



ਫਿਰੋਜ਼ਪੁਰ 11 ਨਵੰਬਰ (ਸੁਖਮੰਦਰ ਸਿੰਘ ਸ਼ਾਤ) ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਗੁਰਦੁਆਰਾ ਅਕਾਲਗੜ੍ਹ ਸਾਹਿਬ ਫਿਰੋਜਪੁਰ ਸ਼ਹਿਰ ਵਿਖੇ ਸੰਪੂਰਨ ਸ਼ਰਧਾ ਸਹਿਤ ਮਨਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਸਕੱਤਰ ਸ ਕੁਲਦੀਪ ਸਿੰਘ ਨੰਢਾ ਨੇ ਦੱਸਿਆ ਕਿ ਮਿਤੀ 14 ਨਵੰਬਰ ਨੂੰ ਵਿਸ਼ਾਲ ਨਗਰ ਕੀਰਤਨ ਸਜਾਏ ਜਾਣਗੇ ਜੋ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਬਾਂਸੀ ਗੇਟ, ਆਰੀਆ ਸਮਾਜ ਚੌਂਕ ਰਾਹੀਂ ਮੇਨ ਬਜਾਰ ਚੋਂ ਹੁੰਦੇ ਹੋਏ ਸ਼ਹੀਦ ਊਧਮ ਸਿੰਘ ਚੌਂਕ ਤੋਂ ਵਾਪਸ ਹੋ ਕੇ ਰਾਮਗੜ੍ਹੀਆ ਗੇਟ ਰਾਹੀਂ ਵਾਇਆ ਮਖੂ ਗੇਟ ਵਾਪਸ ਗੁਰਦੁਆਰਾ ਸਾਹਿਬ ਪਰਤਣਗੇ। ਰਸਤੇ ਵਿਚ ਸ਼ਬਦੀ ਜਥਿਆਂ ਰਾਹੀਂ ਗੁਰਬਾਣੀ ਕੀਰਤਨ ਤੇ ਜਾਪ ਹੋਵੇਗਾ।

ਅਗਲੇ ਦਿਨ 15 ਨਵੰਬਰ ਨੂੰ ਸ੍ਰੀ ਅਖੰਡ ਪਾਠ ਦੇ ਭੋਗ ਉਪਰੰਤ ਭਾਈ ਸਤਵੰਤ ਸਿੰਘ ਗੁਰਦੁਆਰਾ ਅਕਾਲਗੜ੍ਹ, ਸ਼ਬਦੀ ਜਥਾ ਭਾਈ ਅਵਤਾਰ ਸਿੰਘ ਕ੍ਰਿਪਾਲ ਸਿੰਘ, ਭਾਈ ਗੁਰਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਮਨੋਹਰ ਕੀਰਤਨ ਕਰਨਗੇ। ਉਪਰੰਤ ਢਾਡੀ ਕੇਵਲ ਸਿੰਘ ਕੋਮਲ ਅੰਮ੍ਰਿਤਸਰ ਵਾਲੇ ਬੀਰ ਰਸੀ ਵਾਰਾਂ ਰਾਹੀਂ ਸੰਗਤ ਨੂੰ ਨਿਹਾਲ ਕਰਨਗੇ ।ਦੁਪਹਿਰ ਦੋ ਵਜੇ ਤੋਂ ਬਾਅਦ ਗੁਰੂ ਕੇ ਲੰਗਰ ਅਤੁੱਟ ਵਰਤਣਗੇ। ਇਸ ਸਮੁੱਚੇ ਸਮਾਗਮ ਨੂੰ ਸਫਲ ਬਨਾਉਣ ਲਈ ਸ ਬਲਦੇਵ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਸ ਪ੍ਰੀਤਮ ਸਿੰਘ, ਗੁਰਬਖਸ਼ ਸਿੰਘ ਭੋਲਾ, ਅਵਤਾਰ ਸਿੰਘ, ਜਰਨੈਲ ਸਿੰਘ, ਜਸਵੰਤ ਸਿੰਘ ਖਜਾਨਚੀ, ਜਸਵਿੰਦਰ ਸਿੰਘ ਸੁਪ੍ਰਿੰਟੈਂਡੈਂਟ, ਗੁਰਚਰਨ ਸਿੰਘ, ਸੁਖਵਿੰਦਰ ਸਿੰਘ ਕਮਲਜੀਤ ਜੰਟੀ ਬੋਹੜੀਆ, ਅਵਤਾਰ ਸਿੰਘ ਬਿਜਲੀ ਬੋਰਡ ਆਦਿ ਨਿਰੰਤਰ ਸਹਿਯੋਗ ਦੇ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ. ਵੱਲੋਂ ਭੇਜੇ ਹੋਏ ਜੱਥੇ ਨੇ

# ਲਾਹੌਰ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਕੀਤੇ ਦਰਸ਼ਨ













ਧੰਨ-ਧੰਨ ਸਾਹਿਬ ਗੁਰੂ ਅਰਜਨ ਦੇਵ ਜੀ ਦਾ ਗੁਰਦੁਆਰਾ ਡੇਹਰਾ ਸਾਹਿਬ ਪਾਕਿਸਤਾਨ ਲਾਹੌਰ ਵਿਖੇ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ. ਅਤੇ ਅਦਾਰਾ ਆਵਾਜ਼ਿ ਕੌਮ ਯੂ. ਕੇ. ਵੱਲੋਂ ਗਏ ਹੋਏ ਜਥੇ ਨੇ ਦਰਸ਼ਨ ਕੀਤੇ ਅਤੇ ਲਾਹੌਰ ਵਿੱਚ ਹੋਰ ਗੁਰਦੁਆਰਾ ਸਾਹਿਬਾਨ, ਜਿਵੇਂ ਕਿ ਸਿੰਘ ਸਿੰਘਣੀਆਂ ਦਾ ਗੁਰਦੁਆਰਾ, ਭਾਈ ਤਾਰੂ ਸਿੰਘ ਜੀ ਦਾ ਗੁਰਦੁਆਰਾ, ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਜਨਮ ਅਸਥਾਨ ਅਤੇ ਹੋਰ ਲਾਹੌਰ ਦੇ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨ ਕੀਤੇ ਅਤੇ ਸੰਗਤਾਂ ਨੇ ਖੁਸ਼ੀਆਂ ਮਨਾਈਆਂ। ਇਸ ਦੇ ਨਾਲ ਹੀ ਸੰਗਤਾ ਨੇ ਅਰਦਾਸ ਕੀਤੀ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਕੇ ਉਨ੍ਹਾਂ ਦਾ ਜੀਵਨ ਧੰਨ-ਧੰਨ ਹੋ ਗਿਆ ਹੈ। ਸੰਗਤਾਂ ਨੇ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ. ਦੇ ਸਮੂਹ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਸਦਕਾ ਇਹ ਸਭ ਕਾਰਜ ਵਾਹਿਗੁਰੂ ਦੀ ਕ੍ਰਿਪਾ ਨਾਲ ਸੰਭਵ ਹੋ ਸਕੇ ਹਨ। **(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)**

### ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ. ਵੱਲੋਂ ਭੇਜੇ ਹੋਏ ਜੱਥੇ ਨੇ

# ਲਾਹੌਰ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਕੀਤੇ ਦਰਸ਼ਨ





ਆਵਾਜ਼ਿ ਕੌਮ
AWAZE QAUM
International Newspaper & WEB TV











ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ. ਵੱਲੋਂ ਭੇਜੇ ਹੋਏ ਜੱਥੇ ਨੇ

# ਲਾਹੌਰ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਕੀਤੇ ਦਰਸ਼ਨ








ਆਵਾਜ਼ਿ ਕੌਮ
AWAZE QAUM
International Newspaper & WEB TV











# ਜਨਮ ਦਿਵਸ 'ਤੇ ਵਿਸ਼ੇਸ਼ — ਸ਼੍ਰੋਮਣੀ ਭਗਤ ਨਾਮਦੇਵ ਜੀ

**ਸ਼੍ਰੋਮਣੀ** ਭਗਤ ਨਾਮਦੇਵ ਜੀ ਦਾ ਜਨਮ ਅਕਤੂਬਰ ਕੱਤਕਸੁਦੀ ਇਕਾਂਦਸ਼ੀ 1270 ਈ: ਨੂੰ ਪਿਤਾ ਦਾਮਸ਼ੇਟ ਅਤੇ ਮਾਤਾ ਗੋਨਾਬਾਈ ਦੇ ਗ੍ਰਹਿ ਪਿੰਡ ਨਰਸੀ ਬਾਮਨੀ ਜਿਲ੍ਹਾ ਹਿਗੋਲੀ ਮਹਾਂਰਾਸ਼ਟਰ ਵਿੱਚ ਹੋਇਆ। ਆਪ ਜਾਤ ਦੇ ਛੀਂਬੇ ਸਨ। ਆਪ ਦੀ ਇੱਕ ਵੱਡੀ ਭੈਣ ਸੀ, ਜਿਸਦਾ ਨਾਮ 'ਔਬਾਈ' ਸੀ। ਆਪ ਆਪਣੇ ਮਾਤਾ ਪਿਤਾ ਦੀ ਵੱਡੀ ਲੜਕੀ ਤੋਂ ਬਾਅਦ ਦੇਰ ਨਾਲ ਹੋਈ ਔਲਾਦ ਸੀ, ਜਿਸਨੂੰ ਆਪ ਦੇ ਮਾਤਾ ਪਿਤਾ ਵਿੱਠਲ ਦੇਵ (ਵਿਸ਼ਨੂੰ) ਦੀ ਅਪਾਰ ਕ੍ਰਿਪਾ ਮੰਨਦੇ ਸਨ। ਆਪ ਨੂੰ ਪ੍ਰੇਮਾ-ਭਗਤੀ ਦੀ ਗੁੜਤੀ ਆਪਣੇ ਪਿਤਾ ਕੋਲੋਂ ਮਿਲੀ। ਆਪ ਨੇ ਵਿਸ਼ੋਭਾ ਖੇਚਰ ਨੂੰ ਗੁਰੂ ਧਾਰਨ ਕੀਤਾ।

ਆਪ ਬਚਪਨ ਸਮੇਂ ਤੋਂ ਹੀ ਪ੍ਰਮਾਤਮਾ ਦੀ ਭਗਤੀ ਵਿੱਚ ਲੀਨ ਰਹਿੰਦੇ ਸਨ। ਆਪ ਦੋ ਪੱਥਰ ਖੜਕਾਉਂਦੇ ਤੇ ਉਸ ਪ੍ਰਮਾਤਮਾ ਦੀ ਉਸਤਤ ਇੰਨ੍ਹੀ ਸ਼ਿੱਦਤ ਤੇ ਜੋਸ਼ ਨਾਲ ਗਾਉਂਦੇ ਕਿ ਬੇਹੋਸ਼ ਹੋ ਜਾਂਦੇ ਸਨ ।ਆਪ ਵਿੱਠਲ ਦੇਵ (ਵਿਸ਼ਨੂੰ) ਦੇ ਸੱਚੇ ਉਪਾਸ਼ਕ ਸਨ। ਆਪ ਨੂੰ ਜਦ ਪੰਜ ਸਾਲ ਦੀ ਉਮਰ ਵਿੱਚ ਪਾਂਧੇ ਕੋਲ ਪੜ੍ਹਨ ਲਈ ਭੇਜਿਆ ਗਿਆ ਤਾਂ ਪਾਂਧੇ ਨੇ 'ਓਮ ਨਮਹ' ਲਿੱਖਣ ਲਈ ਸਬਕ ਦਿੱਤਾ ਤਾਂ ਆਪ ਨੇ 'ਵਿੱਠਲ ਦੇਵ' ਸ਼ਬਦ ਲਿੱਖ ਦਿੱਤਾ। ਆਪ ਦਾ ਪ੍ਰਮਾਤਮਾ ਪ੍ਰਤੀ ਵਿਸ਼ਵਾਸ ਉਦੋਂ ਹੋਰ ਪਕੇਰਾ ਹੋਣਾ ਸ਼ੁਰੂ ਹੋਇਆ, ਜਦ ਇੱਕ ਵਾਰ ਆਪ ਦੇ ਪਿਤਾ ਕਿਸੇ ਕੰਮ ਲਈ ਪਿੰਡੋਂ ਘਰੋਂ ਬਾਹਰ ਗਏ ਤਾਂ ਠਾਕੁਰਾਂ ਨੂੰ ਭੋਗ ਲਵਾਉਣ ਲਈ ਮੰਦਿਰਾਂ ਵਿੱਚ ਨਾਮਦੇਵ ਨੂੰ ਭੇਜ ਦਿੱਤਾ। ਨਾਮਦੇਵ ਗੜਵਾ ਦੁੱਧ ਦਾ ਲੈ ਕੇ ਮੰਦਿਰ ਵਿੱਚ ਗਏ ਤੇ ਠਾਕੁਰ ਦੀ ਮੂਰਤੀ ਨੂੰ ਦੁੱਧ ਪੇਸ਼ ਕੀਤਾ ਤਾਂ ਉਸ ਮੂਰਤੀ ਨੇ ਦੁੱਧ ਨੂੰ ਭੋਗ ਨਾ ਲਾਇਆ ਤਾਂ ਨਾਮਦੇਵ ਕਾਫੀ ਚਿਰ ਜਿੱਦ ਕਰਦੇ ਰਹੇ ਕਿ 'ਹੇ ਸਵਾਮੀ, ਦੁੱਧ ਪੀਉ। ਨਹੀ ਤਾਂ ਮੇਰੇ ਪਿਤਾ ਜੀ ਮੈਨੂੰ ਗੁੱਸੇ ਹੋਣਗੇ।' ਤਾਂ ਭਗਵਾਨ ਨੇ ਆ ਕੇ ਦੁੱਧ ਨੂੰ ਭੋਗ ਲਾਇਆ।

ਅੱਠ ਸਾਲ ਦੀ ਉਮਰ ਵਿੱਚ ਆਪ ਦੀ ਸ਼ਾਦੀ ਗੋਬਿੰਦ ਸੇਠ ਦੀ ਪੁੱਤਰੀ ਰਾਜਬਾਈ ਨਾਲ ਹੋਈ। ਆਪ ਦੇ ਘਰ ਚਾਰ ਪੁੱਤਰ ਤੇ ਇੱਕ ਪੁੱਤਰੀ ਨੇ ਜਨਮ ਲਿਆ ।ਇੱਕ ਵਾਰ ਜਦ ਬੇਦਰ ਦੇ ਬਾਦਸ਼ਾਹ ਨੇ ਆਪ ਨੂੰ ਮਰੀ ਹੋਈ (ਜਬਹ ਕੀਤੀ ਹੋਈ) ਗਊ ਨੂੰ ਜਿੰਦਾ ਕਰਨ ਲਈ ਕਿਹਾ ਤਾਂ ਆਪ ਨੇ ਨਾਂਹ ਕਰ ਦਿੱਤੀ ਤਾਂ ਬਾਦਸ਼ਾਹ ਨੇ ਸੱਤਾ ਦੇ ਨਸ਼ੇ ਵਿੱਚ ਚੂਰ ਹੋਏ ਨੇ ਹੁਕਮ ਦਿੱਤਾ ਕਿ ਜਾਂ ਤਾਂ ਗਊ ਜਿੰਦਾ ਕਰ ਨਹੀ ਤਾਂ ਮੁਸਲਮਾਨ ਬਣ। ਨਾਮਦੇਵ ਨੇ ਦੋਹਾਂ ਕੰਮਾਂ ਤੋਂ ਨਾਂਹ ਕਰ ਦਿੱਤੀ ਤਾ ਬਾਦਸ਼ਾਹ ਨੇ ਕਿਹਾ ਕਿ ਮਰਨ ਲਈ ਤਿਆਰ ਹੋ ਜਾਂ ਤਾਂ ਨਾਮਦੇਵ ਨੇ ਬਥੇਰਾ ਸਮਝਾਇਆ। ਆਪ ਨੇ ਬਾਦਸ਼ਾਹ ਨੂੰ ਕਿਹਾ ਕਿ :

**ਬਾਦਸਾਹ ਐਸੀ ਕਿਉ ਹੋਇ।।**
**ਬਿਸਮਿਲ ਕੀਆ ਨਾ ਜੀਵੈ ਕੋਇ।।**
**ਮੇਰਾ ਕੀਆ ਕਛੁ ਨਾ ਹੋਇ।।**
**ਕਰਿ ਹੈ ਰਾਮੁ ਹੋਇ ਹੈ ਸੋਇ।।**

ਹੇ ਬਾਦਸ਼ਾਹ ਮੈਂ ਕੁਝ ਨਹੀ ਕਰ ਸਕਦਾ। ਪਰ ਬਾਦਸ਼ਾਹ ਇਹ ਗੱਲ ਮੰਨਣ ਲਈ ਤਿਆਰ ਨਹੀ ਸੀ ਤੇ ਨਾਮਦੇਵ ਨੂੰ ਮੌਤ ਦਾ ਫੁਰਮਾਣ ਸੁਣਾ ਦਿੱਤਾ। ਆਖਿਰ ਭਗਵਾਨ ਨੇ ਆਪ ਆ ਕੇ ਗਊ ਜਿੰਦਾ ਕੀਤੀ ਤੇ ਆਪਣੇ ਸੱਚੇ ਭਗਤ ਦੀ ਪੈਜ ਰੱਖੀ। ਜਦ ਆਪ ਤੀਰਥ ਯਾਤਰਾ ਤੇ ਨਿਕਲੇ ਤਾਂ ਔਂਧ ਨਾਗਨਾਥ ਮੰਦਿਰ ਵਿੱਚ ਪ੍ਰਭੂ ਦੇ ਦਰਸ਼ਨਾਂ ਨੂੰ ਗਏ ਤਾਂ ਉੱਥੋਂ ਦੇ ਬ੍ਰਹਮਣਾਂ ਨੇ ਨੀਵੀਂ ਜਾਤ ਦੇ ਜਾਣ ਕੇ ਮੰਦਿਰ ਵਿੱਚੋਂ ਧੱਕੇ ਦੇ ਕੇ ਬਾਹਰ ਕੱਢ ਦਿੱਤਾ ਤਾਂ ਆਪ ਮੰਦਿਰ ਦੇ ਪਿਛਵਾੜੇ ਜਾ ਕੇ ਪ੍ਰਭੂ ਰੰਗ ਵਿੱਚ ਰੰਗੇ ਹੋਏ ਕੀਰਤਨ ਕਰਨ ਲੱਗ ਪਏ ਤਾਂ ਭਗਵਾਨ ਨੇ ਮੰਦਿਰ ਨੂੰ ਘੁਮਾ ਕੇ ਦਰਵਾਜਾ ਨਾਮਦੇਵ ਵੱਲ ਕਰ ਦਿੱਤਾ ਤੇ ਹੰਕਾਰੀ ਬ੍ਰਹਮਣਾਂ ਦਾ ਹੰਕਾਰ ਤੋੜਿਆ। ਫਿਰ ਉਹ ਦੇਵਗਿਰੀ ਗਏ। ਉੱਥੋਂ ਐਲੋਂਗ, ਘ੍ਰਿਸ਼ੇਸ਼ਵਰ, ਪੰਚਵਟੀ ਅਤੇ ਜੂਨਾਗੜ੍ਹ ਵੀ ਗਏ ।ਆਪ ਨੇ ਉਸ ਅਕਾਲ ਪੁਰਖ ਦੀ ਉਸਤਤ ਵਿੱਚ ਬਹੁਤ ਸਾਰੇ ਸ਼ਬਦਾਂ ਦੀ ਰਚਨਾ ਕੀਤੀ। ਆਪ ਦੇ 61 ਸ਼ਬਦ 18 ਰਾਗਾਂ ਵਿੱਚ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਅੰਕਿਤ ਹਨ। ਆਪ ਤਿਲੰਗ ਰਾਗ ਵਿੱਚ ਫਰਮਾਉਂਦੇ ਹਨ ਕਿ:

**ਮੈ ਅੰਧੁਲੇ ਕੀ ਟੇਕ ਤੇਰਾ ਨਾਮੁ ਖੁੰਦਕਾਰਾ।।**
**ਮੈ ਗਰੀਬ ਮੈ ਮਸਕੀਨ ਤੇਰਾ ਨਾਮ ਹੈ ਅਧਾਰਾ।।**

ਉਸ ਅਕਾਲ ਪੁਰਖ ਦੀ ਵਡਿਆਈ ਕਰਦੇ ਹੋਏ ਇੱਕ ਹੋਰ ਸ਼ਬਦ ਵਿੱਚ ਫਰਮਾਉਂਦੇ ਹਨ ਕਿ;

**ਹਲੇ ਯਾਰਾ ਹਲੇ ਯਾਰਾ ਖੁਸਿਖਬਰੀ।।**
**ਬਲਿ ਬਲਿ ਜਾਂਉ ਹਉ ਬਲਿ ਬਲਿ ਜਾਂਉ।।**
**ਕੀਨੀ ਤੇਰੀ ਬਿਗਾਰੀ ਆਲੇ ਤੇਰਾ ਨਾਂਉ।।**

-------( )--------

**ਸਭੈ ਘਟ ਰਾਮੁ ਬੋਲੈ ਰਾਮਾ ਬੋਲੈ।।**
**ਰਾਮ ਬਿਨਾ ਕੋ ਬੋਲੈ ਰੇ।।**

-------( )-------

**ਨਾਮਾ ਕਹੈ ਤਿਲੋਚਨਾ ਮੁਖ ਤੇ ਰਾਮੁ ਸੰਮਾਲਿ।।**
**ਹਾਥ ਪਾਉ ਕਰਿ ਕਾਮੁ ਸਭੁ ਚੀਤੁ ਨਿਰੰਜਨ ਨਾਲ।।**

ਆਪ ਦੀ ਬਾਣੀ ਮਰਾਠੀ ਤੇ ਸੰਤ ਭਾਸ਼ਾ ਦੋਹਾਂ ਵਿੱਚ ਹੈ, ਦੋ ਤਿੰਨ ਸ਼ਬਦ ਰੇਖਤਾ ਦੀ ਵੰਨਗੀ ਵੀ ਪੇਸ਼ ਕਰਦੇ ਹਨ। ਪ੍ਰਸਿੱਧ ਇਤਿਹਾਸਕਾਰ ਮੈਕਾਲਿਫ ਇੱਕ ਥਾਂ ਲਿੱਖਦਾ ਹੈ ਕਿ ਜਦ ਭਗਤ ਨਾਮ ਦੇਵ ਦੇ ਸਭ ਸਾਥੀ ਪ੍ਰਲੋਕ ਸਿਧਾਰ ਗਏ ਤਾਂ ਆਪ ਅਖੀਰਲੇ ਸਾਲਾਂ ਵਿੱਚ ਪੰਜਾਬ ਦੇ ਜਿਲ੍ਹਾ ਗੁਰਦਾਸਪੁਰ ਦੇ ਪਿੰਡ ਘੁਮਾਣ ਵਿੱਚ ਆ ਵੱਸੇ। ਇੱਥੇ ਹੀ ਆਪ 1350 ਈ: ਨੂੰ ਅਕਾਲ ਪੁਰਖ ਦੇ ਚਰਨਾਂ ਵਿੱਚ ਅਭੇਦ ਹੋ ਗਏ। ਜਿੱਥੇ ਆਪ ਦੀ ਸਮਾਧ ਬਣੀ ਹੋਈ ਹੈ ਤੇ ਸਲਾਨਾ ਮੇਲਾ ਲੱਗਦਾ ਹੈ ।ਭਗਤ ਨਾਮਦੇਵ ਜੀ ਉਸ ਪ੍ਰਭੂ ਹਰੀ ਦੇ ਸੱਚੇ ਉਪਾਸ਼ਕ ਸਨ ਤੇ ਸਾਨੂੰ ਵੀ ਸਮਝਾਉਂਦੇ ਹਨ ਕਿ ਬਾਹਰ ਕਿਉਂ ਟੱਕਰਾਂ ਮਾਰਦੇ ਫਿਰਦੇ ਹੋ, ਪ੍ਰਭੂ ਦਾ ਵਾਸ ਤਾਂ ਤੁਹਾਡੇ ਅੰਦਰ ਹੈ। ਉਸ ਨੂੰ ਜਾਣੋ ਤੇ ਉਸ ਪ੍ਰਭੂ ਪਤੀ ਦਾ ਦਰਸ਼ਨ ਕਰੋ।

**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ: ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ**





ਵਤਨ ਪੰਜਾਬ ਦੀਆਂ ਖੇਡਾਂ ਲੁਧਿਆਣਾ ਵਿਖੇ ਹੋਈਆਂ ਜਿਸ ਵਿੱਚ ਪਹਿਲਾ ਅਸਥਾਨ ਪ੍ਰਾਪਤ ਕਰਕੇ ਜੈਵਲੀਨ ਥਰੋ ਮੈਡਲ ਪ੍ਰਾਪਤ ਕਰਕੇ ਸਤਵੀਰ ਸਿੰਘ ਸਪੁੱਤਰ ਸੰਦੀਪ ਸਿੰਘ ਪਿੰਡ ਸਾਧਪੁਰ ਚੁਗਾਵਾਂ ਸਭ ਤੋਂ ਪਹਿਲਾਂ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਸਿਰਪਾਉ ਤੇ ਦੁਸਾਲਾ ਦੇਕੇ ਸਨਮਾਨਿਤ ਕਰਦੇ ਹੋਏ , ਨਾਲ ਹੋਰ ਸੇਵਾਦਾਰ ਹਾਜ਼ਰ ਸਨ। ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

## ਜੀਵਤ ਸਰਟੀਫਿਕੇਟ ਦੇ ਮੱਦੇਨਜ਼ਰ ਸਪੈਸ਼ਲ ਕੈਂਪ 22 ਨਵੰਬਰ ਨੂੰ

ਬਠਿੰਡਾ, 11 ਨਵੰਬਰ (ਗੁਰਜੰਟ ਸਿੰਘ ਨਥੇਹਾ)- ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਕਮਾਂਡਰ ਦਿਲਪ੍ਰੀਤ ਸਿੰਘ ਕੰਗ ਨੇ ਦੱਸਿਆ ਕਿ ਸਪਰਸ ਉਪਰ ਜੀਵਨ ਪ੍ਰਮਾਣ ਪੱਤਰ (ਜੀਵਤ ਸਰਟੀਫਿਕੇਟ) ਦੇਣ ਹਿੱਤ ਸਥਾਨਕ ਜ਼ਿਲ੍ਹਾ ਰੱਖਿਆ ਸੇਵਾਂਵਾ ਭਲਾਈ ਦਫਤਰ ਵਿਖੇ 22 ਨਵੰਬਰ 2024 ਤੱਕ 11 ਰੋਜ਼ਾ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਲਗਾਏ ਜਾ ਰਹੇ ਇਸ 11 ਰੋਜ਼ਾ ਕੈਂਪ ਦਾ ਮੁੱਖ ਮੰਤਬ ਸਪਰਸ ਉਪਰ ਜੀਵਨ ਪ੍ਰਮਾਣ ਪੱਤਰ (ਜੀਵਤ ਸਰਟੀਫਿਕੇਟ) ਦੇਣਾ ਹੈ ਤਾਂ ਜੋ ਸਾਬਕਾ ਸੈਨਿਕਾਂ ਅਤੇ ਉਹਨਾਂ ਦੇ ਪਰਿਵਾਰਾਂ ਨੂੰ ਆਪਣਾ ਜੀਵਤ ਸਰਟੀਫਿਕੇਟ ਅਪਲੋਡ ਕਰਨ ਲਈ ਕਿਸੇ ਕਿਸਮ ਦੀ ਔਕੜ ਪੇਸ਼ ਨਾ ਆਵੇ। ਉਹਨਾਂ ਸਮੂਹ ਸਾਬਕਾ ਸੈਨਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਥਾਨਕ ਜ਼ਿਲ੍ਹਾ ਰੱਖਿਆ ਸੇਵਾਂਵਾ ਭਲਾਈ ਦਫਤਰ ਵਿਖੇ ਪਹੁੰਚ ਕੇ ਇਸ ਕੈਂਪ ਦਾ ਵੱਧ ਤੋਂ ਵੱਧ ਤੋਂ ਲਾਭ ਪ੍ਰਾਪਤ ਕਰਨ ਤਾਂ ਜੋ ਕੋਈ ਵੀ ਪੈਨਸ਼ਨਰ ਜੀਵਤ ਸਰਟੀਫਿਕੇਟ ਤੋਂ ਵਾਂਝਾ ਨਾ ਰਹਿ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243